ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਮੰਗਲਵਾਰ, 21 ਜਨਵਰੀ 2025

Email:- lokbani08@gmail.com

R. N. I. Punpun/29016/2008 * ਸਾਲ 16 , * ਅੰਕ : 219, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

**ਅੱਜ ਦਾ ਸ਼ੁਭ ਵਿਚਾਰ**



ਆਪਣਿਆਂ ਦੀਆਂ ਖੁਸ਼ੀਆਂ ਲਈ ਖ਼ੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋਂ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

**ਅਮਨਦੀਪ ਮਹਿਰਾ**

ਰੋਜ਼ਾਨਾ ਲੋਕ ਬਾਣੀ

www.lokbani.com

TOURIST VISA USA CANADA

SCHENGEN/ UK AUSTRALIA/ NZ

5057 VISA

ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ

easyvisa 87250 17772

TOURIST VISA USA CANADA


SCHENGEN/ UK AUSTRALIA/ NZ

5057 VISA

ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ

easyvisa | 87250 17772

## ਗਾਜ਼ਾ ਵਿੱਚ ਹੋਇਆ ਜੰਗਬੰਦੀ ਦਾ ਐਲਾਨ ਤਿੰਨ ਬੰਦੀ ਔਰਤਾਂ ਕੀਤੀਆਂ ਰਿਹਾਅ



ਦੀਰ ਅਲ-ਬਲਾਹ ਲੋਕ ਬਾਣੀ- ਅਮਰੀਕਾ 'ਚ ਡੋਨਲਡ ਟਰੰਪ ਦੇ ਰਾਸ਼ਟਰਪਤੀ ਵਜੋਂ ਹਲਫ਼ ਲੈਣ ਤੋਂ ਇਕ ਦਿਨ ਪਹਿਲਾਂ ਗਾਜ਼ਾ ਪੱਟੀ 'ਚ ਸ਼ਾਂਤੀ ਦਾ ਰਾਹ ਪੱਧਰਾ ਹੋ ਗਿਆ। ਇਜ਼ਰਾਈਲ ਅਤੇ ਹਮਾਸ ਵਿਚਕਾਰ ਹੋਏ ਸਮਝੌਤੇ ਮਗਰੋਂ ਗਾਜ਼ਾ ਪੱਟੀ 'ਚ ਅੱਜ ਤੋਂ ਜੰਗਬੰਦੀ ਦਾ ਅਮਲ ਸ਼ੁਰੂ ਹੋ ਗਿਆ। ਸਮਝੌਤੇ ਤਹਿਤ ਹਮਾਸ ਨੇ ਪਿਛਲੇ 470 ਦਿਨਾਂ ਤੋਂ ਬੰਧਕ ਤਿੰਨ ਮਹਿਲਾਵਾਂ ਰੋਮੀ ਗੋਨੇਨ (24), ਐਮਿਲੀ ਦਮਾਰੀ (28) ਅਤੇ ਡੋਰੋਨ ਸਟੀਨਬ੍ਰੇਸ਼ਰ (31) ਨੂੰ ਰਿਹਾਅ ਕਰ ਦਿੱਤਾ। ਤਿੰਨੋਂ ਬੰਧਕਾਂ ਨੂੰ ਰੈੱਡਕ੍ਰਾਸ ਨੇ ਇਜ਼ਰਾਇਲੀ ਡਿਫੈਂਸ ਫੋਰਸ ਹਵਾਲੇ ਕੀਤਾ ਗਿਆ ਜੋ ਬਾਅਦ 'ਚ ਇਜ਼ਰਾਈਲ ਪਹੁੰਚ ਗਈਆਂ।

## ਬਾਰ ਬਾਰ ਚਲਾਨ ਨਾ ਭੁਗਤਾਨ ਵਾਲਿਆਂ ਲਈ ਆਈ ਬੂਰੀ ਖਬਰ



ਚੰਡੀਗੜ੍ਹ, ਵਿਨੋਦ ਸ਼ਰਮਾ-ਸ਼ਹਿਰ ਵਿੱਚ 7.5 ਲੱਖ ਤੋਂ ਵੱਧ ਬਕਾਇਆ ਟਰੈਫਿਕ ਚਲਾਨਾਂ ਦੇ ਮੁੱਦੇ 'ਤੇ ਸਖ਼ਤ ਰੁਖ਼ ਅਪਣਾਉਂਦਿਆਂ ਯੂਟੀ ਪ੍ਰਸ਼ਾਸਨ ਨੇ ਅਜਿਹੇ ਵਾਹਨ ਚਾਲਕਾਂ ਨੂੰ ਨੋਟਿਸ ਜਾਰੀ ਕਰਨ ਦਾ ਫੈਸਲਾ ਕੀਤਾ ਹੈ ਜਿਨ੍ਹਾਂ ਪੰਜ ਜਾਂ ਇਸ ਤੋਂ ਵੱਧ ਵਾਰ ਬਕਾਇਆ ਚਲਾਨਾਂ ਦਾ ਭੁਗਤਾਨ ਨਹੀਂ ਕੀਤਾ। ਨੋਟਿਸ ਵਿੱਚ ਉਨ੍ਹਾਂ ਨੂੰ 15 ਦਿਨਾਂ ਦੇ ਅੰਦਰ ਆਪਣੇ ਬਕਾਇਆ ਚਲਾਨ ਭੁਗਤਣ ਲਈ ਕਿਹਾ ਗਿਆ ਹੈ। ਅਜਿਹਾ ਨਾ ਕਰਨ 'ਤੇ ਉਨ੍ਹਾਂ ਦੇ ਡਰਾਈਵਿੰਗ ਲਾਇਸੈਂਸ ਰੱਦ ਕਰਨ ਦੇ ਨਾਲ ਉਨ੍ਹਾਂ ਦੇ ਰਜਿਸਟਰੇਸ਼ਨ ਸਰਟੀਫਿਕੇਟ (ਆਰਸੀ) ਵੀ ਮੁਅੱਤਲ ਕੀਤੇ ਜਾਣਗੇ।

## ਬਿਕਰਮ ਮਜੀਠੀਆ ਨੇ ਕੇਜਰੀਵਾਲ ਤੇ ਲਾਏ ਗੰਭੀਰ ਇਲਜ਼ਾਮ



ਜਲੰਧਰ, ਲੋਕ ਬਾਣੀ- ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਅੱਜ ਮੰਗ ਕੀਤੀ ਕਿ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਓ. ਐਸ. ਡੀ. ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਸਲਾਹਕਾਰ ਬਿਭਵ ਕੁਮਾਰ ਨੂੰ ਦਿੱਤੀ ਗਈ ਜ਼ੈਡ ਪਲੱਸ ਸੁਰੱਖਿਆ ਤੁਰੰਤ ਵਾਪਸ ਲਈ ਜਾਵੇ। ਇਸ ਘਟਨਾਕ੍ਰਮ 'ਤੇ ਹੈਰਾਨੀ ਪ੍ਰਗਟ ਕਰਦਿਆਂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਨਿਯਮਾਂ ਨੂੰ ਛੱਡੋ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਤਾਂ ਇਕ ਵਿਅਕਤੀ ਜਿਸ 'ਤੇ ਆਪ ਦੀ ਐਮ. ਪੀ. ਸਵਾਤੀ ਮਾਲੀਵਾਲ ਨਾਲ ਛੇੜਛਾੜ ਦਾ ਦੋਸ਼ ਹੈ ਤੇ ਇਸ ਕਾਰਨ ਉਹ ਜੇਲ੍ਹ ਵਿਚ ਵੀ ਰਿਹਾ ਹੈ, ਨੂੰ ਸੁਰੱਖਿਆ ਛੱਤਰੀ ਪ੍ਰਦਾਨ ਕਰਨ ਲੱਗਿਆਂ ਨੈਤਿਕਤਾ ਵੀ ਛਿੱਕੇ ਟੰਗ ਦਿੱਤੀ ਹੈ। ਉਨ੍ਹਾਂ ਕਿਹਾ ਕਿ ਬਿਭਵ ਕੁਮਾਰ ਨੂੰ ਸੁਰੱਖਿਆ ਪ੍ਰਦਾਨ ਕਰਨ ਦੀ ਕੋਈ ਜ਼ਰੂਰਤ ਨਹੀਂ ਹੈ।

## ਸੂਬੇ ਵਿਚ ਹੋਣਹਾਰ ਨੋਜਵਾਨ ਨੂੰ ਗੋਲੀ ਮਾਰ ਕੀਤਾ ਗਿਆ ਜ਼ਖਮੀ



ਅੰਮ੍ਰਿਤਸਰ, ਲੋਕ ਬਾਣੀ-ਅੱਜ ਬਾਅਦ ਦੁਪਹਿਰ 2 ਵਜੇ ਪਿੰਡ ਚੰਨਣਕੇ ਦੇ ਇਕ ਨੌਜਵਾਨ ਨੂੰ ਗੋਲੀ ਮਾਰ ਕੇ ਗੰਭੀਰ ਰੂਪ ਵਿਚ ਜ਼ਖਮੀ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਰਾਜਨ ਪੁੱਤਰ ਹੀਰਾ ਸਿੰਘ ਜੋ ਕਿ ਪਿੰਡ ਦੇ ਜੰਜਘਰ ਨਜ਼ਦੀਕ ਬੈਠਾ ਹੋਇਆ ਸੀ ਤਾਂ ਇਕ ਸਪਲੈਂਡਰ ਮੋਟਰਸਾਈਕਲ ਉਤੇ ਆਏ ਤਿੰਨ ਨੌਜਵਾਨ , ਜਿਨ੍ਹਾਂ ਨੇ ਆਪਣੇ ਮੂੰਹ ਢੱਕੇ ਹੋਏ ਸਨ, ਨੇ ਆ ਕੇ ਰਾਜਨ ਨੂੰ ਗੋਲੀ ਮਾਰ ਕੇ ਜ਼ਖਮੀ ਕਰ ਦਿੱਤਾ। ਵਾਰਦਾਤ ਕਰਨ ਪਿੱਛੋਂ ਦੋਸ਼ੀ ਨੌਜਵਾਨ ਉਥੋਂ ਫਰਾਰ ਹੋ ਗਏ। ਜ਼ਖਮੀ ਨੌਜਵਾਨ ਨੂੰ ਅੰਮ੍ਰਿਤਸਰ ਲਿਜਾਇਆ ਗਿਆ ਹੈ। ਪੁਲਿਸ ਪੂਰੀ ਸਰਗਰਮੀ ਨਾਲ ਦੋਸ਼ੀਆਂ ਦੀ ਭਾਲ ਕਰ ਰਹੀ ਹੈ।

## ਕੇਜਰੀਵਾਲ ਦੀ ਕਾਰ ਉੱਤੇ ਇੱਟਾਂ ਰੋੜਿਆਂ ਨਾਲ ਹਮਲਾ




ਚੰਡੀਗੜ੍ਹ, ਵਿਨੋਦ ਸ਼ਰਮਾ-ਚੰਡੀਗੜ੍ਹ ਓਲੰਪਿਕ ਐਸੋਸੀਏਸ਼ਨ ਦੀਆਂ ਚੋਣਾਂ ਨੂੰ ਲੈ ਕੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਅਹਿਮ ਫੈਸਲਾ ਸੁਣਾਇਆ ਹੈ। 17 ਜਨਵਰੀ 2025 ਨੂੰ ਜਸਟਿਸ ਕੁਲਦੀਪ ਤਿਵਾੜੀ ਦੀ ਬੈਂਚ ਨੇ ਹੁਕਮ ਜਾਰੀ ਕੀਤਾ ਹੈ ਕਿ ਐਸੋਸੀਏਸ਼ਨ ਦੀ ਚੋਣ ਮਾਰਚ 2025 ਵਿਚ ਹੋਵੇਗੀ। ਇਹ ਫੈਸਲਾ ਚਾਰ ਸਾਲ ਤੋਂ ਚੱਲ ਰਹੇ ਵਿਵਾਦ ਅਤੇ ਦੇਰੀ ਨੂੰ ਸਮਾਪਤ ਕਰਨ ਦੇ ਉਦੇਸ਼ ਨਾਲ ਲਿਆ ਗਿਆ ਹੈ।

## ਪੰਜਾਬ ਵਿੱਚ ਕਰਜ਼ੇ ਤੋਂ ਪਰੇਸ਼ਾਨ ਕਿਸਾਨ ਨੇ ਕੀਤੀ ਖ਼ੁਦਕੁਸ਼ੀ



ਅੰਮ੍ਰਿਤਸਰ, ਲੋਕ ਬਾਣੀ- ਅੰਮ੍ਰਿਤਸਰ ਦੀ ਤਹਿਸੀਲ ਅਜਨਾਲਾ ਅਧੀਨ ਆਉਂਦੇ ਪਿੰਡ ਕੋਟ ਸਿੱਧੂ ਦੇ ਕਿਸਾਨ ਗੁਰਵੇਲ ਸਿੰਘ ਪੁੱਤਰ ਹਜ਼ਾਰਾ ਸਿੰਘ ਉਮਰ 60 ਸਾਲ ਵਲੋਂ ਖੁਦਕੁਸ਼ੀ ਕਰਨ ਦਾ ਸਮਾਚਾਰ ਹੈ। ਪਰਿਵਾਰਕ ਮੈਂਬਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਰੀਬ ਕਿਸਾਨ ਗੁਰਵੇਲ ਸਿੰਘ ਦੇ ਸਿਰ ਉਤੇ ਕਰਜ਼ੇ ਦੀ ਪੰਡ ਚੜ੍ਹੀ ਹੋਈ ਸੀ ਤੇ ਉਸ ਦੀਆਂ ਦੋ ਧੀਆਂ ਜੋ ਵਿਆਹੀਆਂ ਹਨ ਤੇ ਦੋ ਲੜਕੇ ਵਿਆਉਣ ਵਾਲੇ ਸਨ।

## ਡਿਊਟੀ ਕਰ ਰਹੇ ਪੰਜਾਬ ਪੁਲਿਸ ਦੇ ਡੀਐਸਪੀ ਤੇ ਹੋਇਆ ਹਮਲਾ




ਬਠਿੰਡਾ, ਲੋਕ ਬਾਣੀ -ਕਿਸਾਨਾਂ ਦੇ ਦੋ ਸਮੂਹਾਂ ਵਿਚਕਾਰ ਲੰਬੇ ਸਮੇਂ ਤੋਂ ਚੱਲ ਰਹੇ ਜ਼ਮੀਨੀ ਵਿਵਾਦ ਦੇ ਮਾਮਲੇ ਵਿਚ ਜ਼ਮੀਨ ਦੀ ਹੱਦਬੰਦੀ ਪ੍ਰਕਿਰਿਆ ਦੀ ਨਿਗਰਾਨੀ ਕਰਦੇ ਸਮੇਂ ਕਥਿਤ ਹਮਲੇ ਵਿਚ ਡਿਊਟੀ ਤੇ ਤਾਇਨਾਤ ਡੀ.ਐਸ. ਪੀ. ਜ਼ਖਮੀ ਹੋ ਗਏ। ਡਿਪਟੀ ਕਮਿਸ਼ਨਰ ਬਠਿੰਡਾ, ਸ਼ੌਕਤ ਅਹਿਮਦ ਨੇ ਕਿਹਾ ਕਿ ਇਹ ਮੁੱਦਾ ਦੋ ਕਿਸਾਨ ਸਮੂਹਾਂ ਵਿਚਕਾਰ ਹੈ। ਇਸ ਮਾਮਲੇ ਵਿਚ, ਸੁਪਰੀਮ ਕੋਰਟ ਨੇ ਦੋਵਾਂ ਧਿਰਾਂ ਨੂੰ ਜ਼ਮੀਨ ਦੇ ਹੱਕ ਦੇਣ ਦਾ ਫੈਸਲਾ ਸੁਣਾਇਆ। ਅਦਾਲਤ ਦੇ ਫੈਸਲੇ ਨੂੰ ਲਾਗੂ ਕਰਨ ਲਈ, ਜਦੋਂ ਪੁਲਿਸ ਟੀਮਾਂ ਮੌਕੇ ਤੇ ਗਈਆਂ ਤਾਂ ਹਾਰਨ ਵਾਲੇ ਪੱਖ ਨੇ ਮਾਮਲਾ ਆਪਣੇ ਹੱਥਾਂ ਵਿਚ ਲੈ ਲਿਆ ਅਤੇ ਸਾਡੀ ਟੀਮ ਤੇ ਹਮਲਾ ਕਰ ਦਿੱਤਾ

## ਚੰਡੀਗੜ੍ਹ ਚ ਹੋਣ ਵਾਲੀ ਮੈਅਰ ਚੋਣ ਹੋਈ ਰੱਦ




ਚੰਡੀਗੜ੍ਹ, ਵਿਨੋਦ ਸ਼ਰਮਾ- ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ 24 ਜਨਵਰੀ ਨੂੰ ਚੰਡੀਗੜ੍ਹ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀਆਂ ਚੋਣਾਂ ਕਰਵਾਉਣ ਲਈ ਪ੍ਰਸ਼ਾਸਨ ਵੱਲੋਂ ਜਾਰੀ ਨੋਟੀਫਿਕੇਸ਼ਨ ਰੱਦ ਕਰ ਦਿੱਤਾ ਹੈ। ਹਾਈ ਕੋਰਟ ਨੇ ਚੋਣਾਂ 29 ਜਨਵਰੀ ਤੋਂ ਬਾਅਦ ਕਰਵਾਉਣ ਦੇ ਹੁਕਮ ਦਿੱਤੇ ਹਨ। ਇਹੀ ਨਹੀਂ ਹਾਈ ਕੋਰਟ ਨੇ ਚੰਡੀਗੜ੍ਹ ਦੇ ਪ੍ਰਸ਼ਾਸਕ ਨੂੰ ਹੱਥ ਖੜ੍ਹੇ ਕਰਕੇ ਚੋਣਾਂ ਕਰਵਾਉਣ ਦੇ ਮਾਮਲੇ ਦੀ ਪੜਚੋਲ ਕਰਨ ਦੇ ਹੁਕਮ ਵੀ ਦਿੱਤੇ ਹਨ। ਉਧਰ ਹਾਈ ਕੋਰਟ ਦੇ ਫੈਸਲੇ ਤੋਂ ਪਹਿਲਾਂ ਕੌਂਸਲਰ ਹਰਪ੍ਰੀਤ ਬਬਲਾ ਨੂੰ ਭਾਜਪਾ ਵੱਲੋਂ ਮੇਅਰ ਦੇ ਉਮੀਦਵਾਰ ਵਜੋਂ ਨਾਮਜ਼ਦ ਕੀਤਾ ਗਿਆ ਹੈ। ਬਿਮਲਾ ਦੂਬੇ ਸੀਨੀਅਰ ਡਿਪਟੀ ਮੇਅਰ ਦੇ ਅਹੁਦੇ ਲਈ ਉਮੀਦਵਾਰ ਹਨ ਅਤੇ ਲਖਬੀਰ ਸਿੰਘ ਬਿੱਲੂ ਡਿਪਟੀ ਮੇਅਰ ਦੇ ਅਹੁਦੇ ਲਈ ਉਮੀਦਵਾਰ ਹਨ। ਭਾਜਪਾ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਉਮੀਦਵਾਰਾਂ ਨੇ ਆਪਣੀਆਂ ਨਾਮਜ਼ਦਗੀਆਂ ਦਾਖਲ ਕੀਤੀਆਂ ਹਨ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਡੀਜੀਪੀ ਪੰਜਾਬ ਵੱਲੋਂ ਗਣਤੰਤਰ ਦਿਵਸ ਦੇ ਮੱਦੇਨਜ਼ਰ ਸੂਬੇ ਭਰ 'ਚ ਸੁਰੱਖਿਆ ਵਿੱਚ ਵਾਧਾ ਕਰਨ ਅਤੇ ਰਾਤ ਸਮੇਂ ਪੁਲਿਸ ਦੀ ਗਸ਼ਤ ਵਿੱਚ ਤੇਜ਼ੀ ਲਿਆਉਣ ਦੇ ਹੁਕਮ



ਜਲੰਧਰ, ਵਰਿੰਦਰ ਰਾਜਪੂਤ-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੁਕਮ ਅਨੁਸਾਰ ਆਉਣ ਵਾਲੇ ਗਣਤੰਤਰ ਦਿਵਸ-2025 ਦੇ ਸ਼ਾਂਤੀਪੂਰਨ ਜਸ਼ਨਾਂ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਸੋਮਵਾਰ ਨੂੰ ਸੂਬੇ ਭਰ ਵਿੱਚ ਸੁਰੱਖਿਆ ਵਧਾਉਣ,ਪੁਲਿਸ ਦੀ ਮੌਜੂਦਗੀ ਦਰਸਾਉਣ, ਰਾਤ ਦੇ ਸਮੇਂ ਪੁਲਿਸ ਦੀ ਗਸ਼ਤ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਜਾਰੀ ਕੀਤੇ ਹਨ।ਡੀਜੀਪੀ ਨੇ ਵਿਸ਼ੇਸ਼ ਡੀਜੀਪੀ ਅੰਦਰੂਨੀ ਸੁਰੱਖਿਆ ਆਰ.ਐਨ. ਢੋਕੇ, ਏਡੀਜੀਪੀ ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਨੀਲਾਭ ਕਿਸ਼ੋਰ ਅਤੇ ਏਡੀਜੀਪੀ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪ੍ਰਮੋਦ ਬਾਨ ਦੇ ਨਾਲ ਅੰਮ੍ਰਿਤਸਰ ਅਤੇ ਜਲੰਧਰ ਪਹੁੰਚ ਕੇ ਕਮਿਸ਼ਨਰੇਟ - ਅੰਮ੍ਰਿਤਸਰ ਅਤੇ ਜਲੰਧਰ, ਅਤੇ ਪੁਲਿਸ ਰੇਂਜ - ਸਰਹੱਦ, ਜਲੰਧਰ ਅਤੇ ਲੁਧਿਆਣਾ ਦੇ ਅਧਿਕਾਰੀਆਂ ਨਾਲ ਕਾਨੂੰਨ ਅਤੇ ਵਿਵਸਥਾ ਸਮੀਖਿਆ ਮੀਟਿੰਗਾਂ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਨੇ ਚੱਲ ਰਹੇ ਅੱਤਵਾਦ ਵਿਰੋਧੀ ਕਾਰਜਾਂ, ਨਸ਼ਾ ਤਸਕਰੀ ਵਿਰੁੱਧ ਕਾਰਵਾਈ ਅਤੇ ਸੰਗਠਿਤ ਅਪਰਾਧ ਵਿਰੁੱਧ ਕਾਰਵਾਈ ਦੀ ਵੀ ਸਮੀਖਿਆ ਕੀਤੀ।

ਡੀਜੀਪੀ ਪੰਜਾਬ ਨੇ ਸਪੈਸ਼ਲ ਡੀਜੀਪੀ ਅੰਦਰੂਨੀ ਸੁਰੱਖਿਆ, ਏਡੀਜੀਪੀ ਏਐਨਟੀਐਫ ਅਤੇ ਏਡੀਜੀਪੀ ਏਜੀਟੀਐਫ ਦੇ ਨਾਲ ਅੰਮ੍ਰਿਤਸਰ ਅਤੇ ਜਲੰਧਰ ਪਹੁੰਚ ਕੇ ਕਾਨੂੰਨ ਤੇ ਵਿਵਸਥਾ ਸਮੀਖਿਆ ਮੀਟਿੰਗ ਦੀ ਕੀਤੀ ਪ੍ਰਧਾਨਗੀਡੀਜੀਪੀ ਗੌਰਵ ਯਾਦਵ ਨੇ ਕਿਹਾ, "ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ ਹੈ ਅਤੇ ਗਣਤੰਤਰ ਦਿਵਸ ਦੇ ਜਸ਼ਨਾਂ ਤੋਂ ਪਹਿਲਾਂ ਸਾਰੀਆਂ ਮਹੱਤਵਪੂਰਨ ਥਾਵਾਂ 'ਤੇ ਪੁਲਿਸ ਦੀ ਮੌਜੂਦਗੀ ਨੂੰ ਯਕੀਨੀ ਬਣਾ ਕੇ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ, ਡੋਮੀਨੇਸ਼ਨ ਆਪ੍ਰੇਸ਼ਨਾਂ ਨੂੰ ਤੇਜ਼ ਕਰਨ ਅਤੇ ਹੋਰ ਰੋਕਥਾਮ ਅਤੇ ਜਾਸੂਸੀ ਉਪਾਵਾਂ ਲਈ ਢੁਕਵੇਂ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਗਏ ਹਨ।"ਉਨ੍ਹਾਂ ਕਿਹਾ ਕਿ ਵਧੀ ਹੋਈ ਸੁਰੱਖਿਆ ਦੇ ਹਿੱਸੇ ਵਜੋਂ, ਪੁਲਿਸ ਕਰਮੀ ਨਿਯਮਤ ਗਸ਼ਤ ਅਤੇ ਜਾਂਚ ਕਰਨਗੇ ਤਾਂ ਜੋ , ਖਾਸ ਕਰਕੇ ਰਾਤ ਨੂੰ, ਕਿਸੇ ਵੀ ਸੰਭਾਵੀ ਖਤਰੇ ਜਾਂ ਰੁਕਾਵਟ ਨੂੰ ਠੱਲ੍ਹਿਆ ਜਾ ਸਕੇ। ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਨਾਈਟ ਡੋਮੀਨੇਸ਼ਨ ਆਪ੍ਰੇਸ਼ਨਾਂ ਵਿੱਚ ਸਰਹੱਦੀ ਜ਼ਿਲ੍ਹਿਆਂ ਸਮੇਤ ਸੰਵੇਦਨਸ਼ੀਲ ਖੇਤਰਾਂ ਵਿੱਚ ਵਾਧੂ ਪੁਲਿਸ ਬਲਾਂ ਦੀ ਤਾਇਨਾਤੀ ਵੀ ਸ਼ਾਮਲ ਹੋਵੇਗੀ।ਉਨ੍ਹਾਂ ਕਿਹਾ ਕਿ ਸਾਰੇ ਸੀਪੀ/ਐਸਐਸਪੀ ਨੂੰ ਸ਼ੱਕੀ ਗਤੀਵਿਧੀਆਂ ਅਤੇ ਵਿਅਕਤੀਆਂ 'ਤੇ ਤਿੱਖੀ ਨਜ਼ਰ ਰੱਖਣ ਅਤੇ ਕਿਸੇ ਵੀ ਸੁਰੱਖਿਆ ਦੀ ਉਲੰਘਣਾ ਦੀ ਸੂਰਤ ਵਿੱਚ ਤੁਰੰਤ ਕਾਰਵਾਈ ਕੀਤੀ ਜਾਵੇ।

ਉਨ੍ਹਾਂ ਕਿਹਾ ," ਮੈਂ ਸਾਰੇ ਅਧਿਕਾਰੀਆਂ ਨੂੰ ਹੁਕਮ ਦਿੱਤਾ ਹੈ ਕਿ ਉਹ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਨਾ ਲੈਣ ਦੇਣ ਅਤੇ ਜੇਕਰ ਕੋਈ ਵਿਅਕਤੀ ਕਿਸੇ ਵੀ ਹਿੰਸਕ ਗਤੀਵਿਧੀਆਂ ਵਿੱਚ ਸ਼ਾਮਲ ਪਾਇਆ ਜਾਂਦਾ ਹੈ ਤਾਂ ਉਸ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇ ਅਤੇ ਤੁਰੰਤ ਐਫਆਈਆਰ ਦਰਜ ਕੀਤੀ ਜਾਵੇ।"ਡੀਜੀਪੀ ਨੇ ਸੀਪੀਜ਼/ਐਸਐਸਪੀਜ਼ ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਪੈਂਦੇ ਪੁਲਿਸ ਨਾਕਿਆਂ ਨੂੰ ਮਜ਼ਬੂਤ ਕਰਨ ਅਤੇ ਹਰੇਕ ਨਾਕੇ 'ਤੇ ਵੱਧ ਤੋਂ ਵੱਧ ਵਾਹਨਾਂ ਦੀ ਜਾਂਚ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ, ਜਿਸ ਨਾਲ ਅੱਤਵਾਦੀ ਅਤੇ ਅਪਰਾਧਿਕ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਵਿੱਚ ਮਦਦ ਮਿਲੇਗੀ।

ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਵਿਦੇਸ਼ਾਂ ਤੋਂ ਲੋੜੀਂਦੇ ਅਪਰਾਧੀਆਂ ਨੂੰ ਨਿਆਂ ਦਾ ਸਾਹਮਣਾ ਕਰਨ ਲਈ ਵਾਪਸ ਲਿਆਉਣ ਲਈ ਲੁੱਕ ਆਊਟ ਸਰਕੂਲਰ (ਐਲਓਸੀ), ਰੈੱਡ ਕਾਰਨਰ ਨੋਟਿਸ (ਆਰਸੀਐਨ), ਓਪਨ ਗ੍ਰਿਫਤਾਰੀ ਵਾਰੰਟ, ਬਲਿਊ ਕਾਰਨਰ ਨੋਟਿਸ (ਬੀਸੀਐਨ) ਅਤੇ ਹਵਾਲਗੀ ਪ੍ਰਸਤਾਵ ਜਾਰੀ ਕਰਨ 'ਤੇ ਵੀ ਜੋਰ ਦਿੱਤਾ।ਇਸ ਮੌਕੇ ਆਈਜੀਪੀ ਲੁਧਿਆਣਾ ਰੇਂਜ ਧਨਪ੍ਰੀਤ ਕੌਰ, ਸੀਪੀ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ, ਸੀਪੀ ਜਲੰਧਰ ਸਵਪਨ ਸ਼ਰਮਾ, ਡੀਆਈਜੀ ਬਾਰਡਰ ਰੇਂਜ ਸਤਿੰਦਰ ਸਿੰਘ, ਡੀਆਈਜੀ ਜਲੰਧਰ ਰੇਂਜ ਨਵੀਨ ਸਿੰਗਲਾ, ਐਸਐਸਪੀ ਅੰਮ੍ਰਿਤਸਰ ਦਿਹਾਤੀ ਚਰਨਜੀਤ ਸਿੰਘ, ਐਸਐਸਪੀ ਗੁਰਦਾਸਪੁਰ ਹਰੀਸ਼ ਦਿਆਮਾ, ਐਸਐਸਪੀ ਬਟਾਲਾ ਸੁਹੇਲ ਕਾਸਿਮ ਮੀਰ, ਐਸਐਸਪੀ ਜਲੰਧਰ ਦਿਹਾਤੀ ਹਰਕਮਲਪ੍ਰੀਤ ਸਿੰਘ ਖੱਖ, ਐਸਐਸਪੀ ਕਪੂਰਥਲਾ ਗੌਰਵ ਤੂਰਾ, ਐਸਐਸਪੀ ਹੁਸ਼ਿਆਰਪੁਰ ਸੁਰਿੰਦਰ ਲਾਂਬਾ, ਐਸਐਸਪੀ ਐਸ.ਬੀ.ਐਸ. ਨਗਰ ਮਹਿਤਾਬ ਸਿੰਘ, ਐਸਐਸਪੀ ਖੰਨਾ ਅਸ਼ਵਨੀ ਗੋਟਿਆਲ ਅਤੇ ਐਸਐਸਪੀ ਖੰਨਾ ਨਵਨੀਤ ਸਿੰਘ ਬੈਂਸ ਸਮੇਤ ਹੋਰ ਅਧਿਕਾਰੀ/ਕਰਮਚਾਰੀ ਮੀਟਿੰਗ ਵਿੱਚ ਹਾਜ਼ਰ ਸਨ-

# ਇਨਸਾਫ਼ ਦੀ ਆਵਾਜ਼ ਦੇ ਆਗੂ ਮਹਿੰਦਰਪਾਲ ਸਿੰਘ ਦਾਨਗੜ੍ਹ ਨੇ ਪਰਲ ਪੀੜਤਾਂ ਨੂੰ ਦਿੱਲੀ ਪਹੁੰਚਣ ਦਾ ਦਿੱਤਾ ਸੱਦਾ



ਅੰਮ੍ਰਿਤਸਰ, 20 ਜਨਵਰੀ ( ) ਚਿੱਟ ਫੰਡ ਕੰਪਨੀ ਪਰਲ ਦੇ ਪੀੜਤ ਲੋਕਾਂ ਵੱਲੋਂ ਬਣਾਈ ਗਈ ਇਨਸਾਫ਼ ਦੀ ਆਵਾਜ਼ ਜਥੇਬੰਦੀ ਦੀ ਅੱਜ ਜ਼ਰੂਰੀ ਮੀਟਿੰਗ ਕੰਪਨੀ ਬਾਗ ਵਿਖੇ ਜਥੇਬੰਦੀ ਦੇ ਕੌਮੀ ਪ੍ਰਧਾਨ ਸ੍ਰ. ਮਹਿੰਦਰਪਾਲ ਸਿੰਘ ਦਾਨਗੜ੍ਹ ਦੀ ਅਗਵਾਈ ਵਿੱਚ ਹੋਈ, ਇਸ ਮੌਕੇ ਤੇ ਸੰਬੋਧਨ ਕਰਦਿਆਂ ਸ੍ਰ. ਦਾਨਗੜ੍ਹ ਨੇ ਪੰਜਾਬ ਦੇ ਸਮੂਹ ਪਰਲ ਪੀੜਤਾਂ ਨੂੰ 3 ਫਰਵਰੀ ਨੂੰ ਦਿੱਲੀ ਵਿਖੇ ਪਹੁੰਚਣ ਦਾ ਸੱਦਾ ਦਿੰਦਿਆਂ ਕਿਹਾ ਕਿ ਉਸ ਦਿਨ ਪਰਲ ਪੀੜਤਾਂ ਵੱਲੋਂ ਕੇਂਦਰੀ ਵਿੱਤ ਮੰਤਰਾਲੇ ਨੂੰ ਆਪਣੀਆਂ ਪੌਲਸੀਆਂ ਸੌਂਪੀਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਪਿਛਲੇ 10 ਸਾਲਾਂ ਤੋਂ ਪਰਲ ਪੀੜਤ ਆਪਣਾ ਪੈਸਾ ਲੈਣ ਲਈ ਦਰ ਦਰ ਦੀਆਂ ਠੋਕਰਾਂ ਖਾ ਰਹੇ ਹਨ, ਪਰ ਹੁਣ ਤੱਕ ਕਿਸੇ ਵੀ ਸਰਕਾਰ ਨੇ ਉਨ੍ਹਾਂ ਨੂੰ ਇਨਸਾਫ਼ ਨਹੀਂ ਦਿੱਤਾ, ਹੁਣ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਸੰਸਦ ਭਵਨ ਵਿੱਚ ਇਹ ਬਿਆਨ ਦਿੱਤਾ ਹੈ ਕਿ ਪਰਲ ਕੰਪਨੀ ਦਾ ਪੈਸਾ ਤਾਂ ਸਰਕਾਰ ਦੇਣ ਲਈ ਤਿਆਰ ਹੈ, ਪਰ ਲੋਕ ਲੈਣ ਲਈ ਨਹੀਂ ਆ ਰਹੇ। ਇਸ ਮੌਕੇ ਸੰਬੋਧਨ ਕਰਦਿਆਂ ਮਾਝਾ ਜੋਨ ਦੇ ਪ੍ਰਧਾਨ ਰਜਵੰਤ ਬਾਲਾ ਨੇ ਪੰਜਾਬ ਦੇ ਪੀੜਤ ਸਾਥੀਆਂ ਨੂੰ ਕਿਹਾ ਕਿ ਉਹ ਵੱਡੀ ਗਿਣਤੀ ਵਿੱਚ ਆਪਣੀਆਂ ਪੌਲਸੀਆਂ ਦੀਆਂ ਫੋਟੋ ਕਾਪੀਆਂ ਲੈ ਕੇ ਦਿੱਲੀ ਵਿਖੇ ਪਹੁੰਚਣ। ਇਸ ਅਵਸਰ ਤੇ ਤੇ ਪੰਜਾਬ ਦੇ ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਜਥੇਬੰਦੀ ਦੇ ਵਿੱਤ ਸਕੱਤਰ ਸੁਖਵਿੰਦਰ ਸਿੰਘ ਬਟਾਲਾ, ਦਲਬੀਰ ਸਿੰਘ ਜੰਮੂ, ਬਲਵਿੰਦਰ ਸਿੰਘ ਧੌਲਾ, ਕੈਪਟਨ ਦਰਸ਼ਨ ਸਿੰਘ, ਸ਼ਿਵ ਕੁਮਾਰ ਆਦਿ ਆਗੂਆਂ ਨੇ ਵੀ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਇਸ ਇਕੱਤਰਤਾ ਵਿੱਚ ਰਮਨਦੀਪ ਕੌਰ, ਮਨਦੀਪ ਕੌਰ, ਦਸੰਦਾ ਸਿੰਘ, ਨੀਲਮ ਸੰਤੋਸ਼ ਕੁਮਾਰੀ,ਮਨਜੀਤ ਸਿੰਘ, ਰਣਜੀਤ ਕੁਮਾਰ, ਹਰਦੀਪ ਸਿੰਘ, ਸੰਤੋਸ਼ ਕੁਮਾਰੀ, ਦਲੀਪ ਸਿੰਘ ਅਜਨਾਲਾ, ਬਲਬੀਰ ਸਿੰਘ, ਕਸ਼ਮੀਰ ਸਿੰਘ, ਸ਼ਾਮ ਸਿੰਘ ਅਜਨਾਲਾ, ਬਲਵੰਤ ਰਾਏ, ਗੁਰਦੀਪ ਸਿੰਘ ਵੇਰਕਾ, ਬਿਸ਼ੰਬਰ ਨਾਥ, ਜਸਪਾਲ ਸਿੰਘ ਅਜਨਾਲਾ ਆਦਿ ਪੀੜਤ ਸਾਥੀ ਹਾਜਰ ਸਨ।

# ਯੂਕਰੇਨ-ਰੂਸ ਜੰਗ ਚ 12 ਭਾਰਤੀਆਂ ਦੀ ਮੌਤ + 16 ਲਾਪਤਾ



ਨਵੀਂ ਦਿੱਲੀ- ਯੂਕਰੇਨ ਵਿੱਚ ਰੂਸ ਦੀ ਤਰਫੋਂ ਲੜ ਰਹੇ ਹੁਣ ਤੱਕ 12 ਭਾਰਤੀਆਂ ਦੀ ਮੌਤ ਹੋ ਚੁੱਕੀ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਸ਼ੁੱਕਰਵਾਰ ਨੂੰ ਪ੍ਰੈੱਸ ਕਾਨਫਰੰਸ ਚ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ, ਹੁਣ ਤੱਕ ਰੂਸੀ ਫੌਜ ਚ ਸ਼ਾਮਲ ਹੋਣ ਵਾਲੇ ਭਾਰਤੀ ਨਾਗਰਿਕਾਂ ਦੇ 126 ਮਾਮਲੇ ਸਾਹਮਣੇ ਆਏ ਹਨ। ਇਨ੍ਹਾਂ ਵਿੱਚੋਂ 96 ਲੋਕ ਭਾਰਤ ਪਰਤੇ ਹਨ। ਰੂਸ ਵਿੱਚ ਅਜੇ ਵੀ 18 ਭਾਰਤੀ ਨਾਗਰਿਕ ਫਸੇ ਹੋਏ ਹਨ, ਜਿਨ੍ਹਾਂ ਵਿੱਚੋਂ 16 ਬਾਰੇ ਕੋਈ ਜਾਣਕਾਰੀ ਨਹੀਂ ਹੈ। ਅਸੀਂ ਉਨ੍ਹਾਂ ਦੀ ਉਨ੍ਹਾਂ ਦੇ ਦੇਸ਼ ਵਾਪਸੀ ਲਈ ਕੰਮ ਕਰ ਰਹੇ ਹਾਂ।

ਦੱਸ ਦੇਈਏ ਕਿ 24 ਫਰਵਰੀ 2022 ਤੋਂ ਰੂਸ-ਯੂਕਰੇਨ ਯੁੱਧ ਚੱਲ ਰਿਹਾ ਹੈ। ਇਸ ਸਮੇਂ ਦੌਰਾਨ, ਰੂਸੀ ਫੌਜ ਤੇ ਬਹੁਤ ਸਾਰੇ ਕਿਰਾਏਦਾਰਾਂ ਅਤੇ ਦੂਜੇ ਦੇਸ਼ਾਂ ਦੇ ਲੋਕਾਂ ਨੂੰ ਜ਼ਬਰਦਸਤੀ ਯੁੱਧ ਵਿੱਚ ਭੇਜਣ ਦਾ ਦੋਸ਼ ਸੀ। ਇਨ੍ਹਾਂ ਵਿੱਚ ਕਈ ਭਾਰਤੀ ਵੀ ਸ਼ਾਮਲ ਸਨ, ਜੋ ਨੌਕਰੀ ਦੀ ਭਾਲ ਵਿੱਚ ਰੂਸ ਗਏ ਸੀ, ਪਰ ਉੱਥੇ ਹੀ ਫਸ ਗਏ ।

# ਟਰੱਕ ਯੂਨੀਅਨ ਵਿਖੇ ਅੱਖਾਂ ਦੀ ਜਾਂਚ ਸਬੰਧੀ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ

ਮਾਲੇਰਕੋਟਲਾ, 20 ਜਨਵਰੀ -(ਕਿੰਮੀ ਅਰੋੜਾ,ਅਸਲਮ ਮਾਜ਼)

ਕੌਮੀ ਸੜਕ ਸੁਰੱਖਿਆ ਮਹੀਨੇ ਤਹਿਤ ਜ਼ਿਲ੍ਹਾ ਟਰਾਂਸਪੋਰਟ ਵਿਭਾਗ ਮਾਲੇਰਕੋਟਲਾ ਨੇ ਡਿਪਟੀ ਕਮਿਸ਼ਨਰ ਡਾ. ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉਲੀਕੇ ਵੱਖ ਵੱਖ ਪ੍ਰੋਗਰਾਮਾਂ ਦੌਰਾਨ ਸਥਾਨਕ ਟਰੱਕ ਯੂਨੀਅਨ ਵਿਖੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਟਰੱਕ ਡਰਾਇਵਰਾਂ ਦੀਆਂ ਅੱਖਾਂ ਦਾ ਮੈਡੀਕਲ ਚੈੱਕਅਪ ਕਰਵਾਇਆ।

ਇਹ ਜਾਣਕਾਰੀ ਦਿੰਦਿਆਂ ਖੇਤਰੀ ਟਰਾਂਸਪੋਰਟ ਅਫ਼ਸਰ ਗੁਰਮੀਤ ਕੁਮਾਰ ਬਾਂਸਲ ਨੇ ਦੱਸਿਆ ਕਿ ਕੌਮੀ ਸੜਕ ਸੁਰੱਖਿਆ ਮਹੀਨੇ ਦੌਰਾਨ ਟਰੱਕ ਯੂਨੀਅਨ ਦੇ ਮੈਂਬਰ ਡਰਾਇਵਰਾਂ ਨੂੰ ਜਿੱਥੇ ਸੜਕੀ ਨਿਯਮਾਂ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ ਉਥੇ ਹੀ ਉਨ੍ਹਾਂ ਦੀਆਂ ਅੱਖਾਂ ਦੀ ਜਾਂਚ ਕਰਵਾਈ ਗਈ ਹੈ ਤਾਂ ਜੋ ਅਨਸੁਖਾਵੀਂ ਦੁਰਘਟਨਾ ਹੋਣ ਤੋਂ ਟਾਲੀ ਜਾ ਸਕੇ ।



ਆਰ.ਟੀ.ਓ. ਨੇ ਅੱਗੇ ਕਿਹਾ ਕਿ ਸੜਕ ਸੁਰੱਖਿਆ ਮਹੀਨੇ ਤਹਿਤ ਹੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ ਵੱਖ ਸਕੂਲਾਂ ਕਾਲਜਾਂ, ਯੂਨੀਵਰਸਿਟੀ, ਟਰੱਕ ਯੂਨੀਅਨ, ਟੈਕਸੀ ਸਟੈਂਡ ਵਿਖੇ ਜਾ ਕੇ ਨੌਜਵਾਨਾਂ ਅਤੇ ਪਬਲਿਕ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਧੁੰਦ ਦੇ ਮੌਸਮ ਨੂੰ ਵੇਖਦਿਆਂ ਟਰੈਕਟਰ ਟਰਾਲੀਆਂ, ਟਰੱਕਾਂ, ਕਾਰਾਂ ਅਤੇ ਹੋਰ ਵਹੀਕਲਜ਼ ਉਪਰ ਰਿਫ਼ਲੈਕਟਰ ਲਗਾਏ ਜਾ ਰਹੇ ਹਨ ਤਾਂ ਜੋ ਧੁੰਦ ਕਾਰਨ ਕੋਈ ਹਾਦਸਾ ਨਾ ਵਾਪਰੇ।

ਗੁਰਮੀਤ ਕੁਮਾਰ ਬਾਂਸਲ ਨੇ ਅੱਗੇ ਦੱਸਿਆ ਕਿ ਅੱਜ ਸਥਾਨਕ ਸਰਕਾਰੀ ਹਸਪਤਾਲ ਦੇ ਅੱਖਾਂ ਦੇ ਡਾਕਟਰ ਡਾ. ਗੁਰਸਿਮਰਨ ਸਿੰਘ ਨੇ 65 ਦੇ ਕਰੀਬ ਟਰੱਕ ਯੂਨੀਅਨ ਦੇ ਮੈਂਬਰ ਡਰਾਇਵਰਾਂ ਦੀਆਂ ਅੱਖਾਂ ਦੀ ਜਾਂਚ ਕੀਤੀ। ਇਸ ਮੌਕੇ ਪ੍ਰਧਾਨ ਟਰੱਕ ਯੂਨੀਅਨ ਮਾਲੇਰਕੋਟਲਾ ਸ: ਨਰਿੰਦਰ ਸਿੰਘ ਨੇ ਕਿਹਾ ਕਿ ਉਹ ਆਪਣੀ ਯੂਨੀਅਨ ਦੇ ਸਾਰੇ ਡਰਾਇਵਰਾਂ ਨੂੰ ਆਵਾਜਾਈ ਨਿਯਮਾਂ ਬਾਰੇ ਜ਼ਿਲ੍ਹਾ ਟਰਾਂਸਪੋਰਟ ਵਿਭਾਗ ਦੀਆਂ ਹਦਾਇਤਾਂ ਤੋਂ ਲਗਾਤਾਰ ਜਾਣੂ ਕਰਵਾ ਰਹੇ ਹਨ ਤਾਂ ਕਿ ਸੜਕਾਂ ਤੇ ਹੁੰਦੇ ਹਾਦਸੇ ਟਾਲੇ ਜਾ ਸਕਣ।

ਇਸ ਮੌਕੇ ਐਸ.ਐਮ.ਓ. ਡਾ.ਜਗਜੀਤ ਸਿੰਘ, ਡੀ.ਐਮ.ਸੀ. ਡਾ: ਰਿਸ਼ਮਾ ਭੌਰਾ , ਗੁਰਪ੍ਰੀਤ ਵਾਲੀਆ ,ਦਿਲਵਰ ਮੁਹੰਮਦ ਤੋਂ ਇਲਾਵਾ ਹੋਰ ਵੀ ਨੁਮਾਇੰਦੇ ਮੌਜੂਦ ਸਨ ।

# ਪ੍ਰੋ. ਗੰਡਮ ਦੀ ਕਾਵਿ-ਸੰਗ੍ਰਹਿ- ਬੁੱਲ ਸੀਤਿਆਂ ਸਰਨਾ ਨਈਂ ਤੇ ਵਿਚਾਰ-ਗੋਸ਼ਟੀ

ਫਗਵਾੜਾ, 20 ਜਨਵਰੀ ( ਸੁਸ਼ੀਲ ਸ਼ਰਮਾ ) ਪੰਜਾਬੀ ਵਿਰਸਾ ਟਰੱਸਟ (ਰਜਿ:) ਅਤੇ ਸਕੇਪ ਸਾਹਿਤਕ ਸੰਸਥਾ ਫਗਵਾੜਾ ਵਲੋਂ ਐਤਵਾਰ ਨੂੰ ਇਥੇ ਪੰਜਾਬੀ ਲੇਖਕ ਅਤੇ ਸੀਨੀਅਰ ਪੱਤਰਕਾਰ ਪ੍ਰੋ. ਜਸਵੰਤ ਸਿੰਘ ਗੰਡਮ ਦੀ ਪਲੇਠੀ ਕਾਵਿ-ਪੁਸਤਕ ਬੁੱਲ ਸੀਤਿਆਂ ਸਰਨਾ ਨਈਂ ਤੇ ਵਿਚਾਰ-ਗੋਸ਼ਟੀ ਕੀਤੀ ਗਈ। ਇਸ ਸਮੇਂ ਪ੍ਰਧਾਨਗੀ ਮੰਡਲ ਵਿੱਚ ਨਾਮਵਰ ਲੇਖਕ ਐਡਵੋਕੇਟ ਐਸ.ਐਲ. ਵਿਰਦੀ, ਸੋਹਣ ਸਹਿਜਲ, ਟੀ.ਡੀ, ਚਾਵਲਾ, ਬਲਦੇਵ ਰਾਜ ਕੋਮਲ ਅਤੇ ਅਜਾਇਬ ਸਿੰਘ ਸੰਘਾ ਸ਼ਾਮਲ ਸਨ।



ਪੁਸਤਕ ਚਰਚਾ ਵਿੱਚ ਪੰਜਾਬੀ ਲੇਖਕ ਅਤੇ ਪ੍ਰਬੰਧਕ ਪ੍ਰਿੰ. ਗੁਰਮੀਤ ਸਿੰਘ ਪਲਾਹੀ ਨੇ ਕੁੰਜੀਵਤ ਭਾਸ਼ਣ ਦਿੱਤਾ। ਉਹਨਾ ਨੇ ਕਿਹਾ ਕਿ ਪ੍ਰੋ. ਜਸਵੰਤ ਸਿੰਘ ਗੰਡਮ ਦੀ ਸਮੁੱਚੀ ਕਵਿਤਾ ਪ੍ਰਸੰਗਕ ਸੱਚ ਨੂੰ ਸਿਰਫ਼ ਬਿਆਨ ਹੀ ਨਹੀਂ , ਸਗੋਂ ਪ੍ਰਸੰਗਕਤਾ ਦੀ ਅਣਸੁਖਾਵੀਂ ਸਥਿਤੀ ਵਿੱਚੋਂ ਲੋਕਾਂ ਨੂੰ ਮੁਕਤ ਕਰਨ ਦਾ ਰਾਹ ਉਲੀਕਦੀ ਹੋਈ, ਜਿੱਤ-ਹਾਰ, ਖੁਸ਼ੀ-ਉਦਾਸੀ ਦੇ ਵਰਤਾਰੇ ਨਾਲ ਸੰਵਾਦ ਰਚਾਉਂਦੀ ਹੈ। ਰੂਸੀ ਕਵੀ ਕੈਸਲ ਕੁਲੱਈ ਦਾ ਹਵਾਲਾ ਦਿੰਦਿਆਂ ਉਹਨਾਂ ਕਿਹਾ ਕਿ ਕਵਿਤਾ ਲੋਕਾਂ ਦੀ ਤਰਜ਼ਮਾਨੀ ਕਰਦੀ ਹੈ ਅਤੇ ਸੇਵਾ ਵੀ ਅਤੇ ਇਹ ਜੀਉਂਦਿਆਂ ਲਈ ਹੁੰਦੀ ਹੈ ਨਾ ਕਿ ਮੋਇਆਂ ਲਈ।

ਇਸ ਮੌਕੇ ਪ੍ਰੋ. ਜਸਵੰਤ ਸਿੰਘ ਗੰਡਮ ਨੇ ਆਪਣੇ ਪਹਿਲੇ ਕਾਵਿ-ਸੰਗ੍ਰਹਿ ਬਾਰੇ ਬੋਲਦਿਆਂ ਦੱਸਿਆ ਕਿ ਇਸ ਵਿੱਚ ਕੁੱਲ 88 ਕਵਿਤਾਵਾਂ ਹਨ, ਜੋ ਦੁੱਖਆਰਿਆਂ-ਲਤਾੜਿਆਂ ਅਤੇ ਦਬਾਏ ਹੋਏ ਲੋਕਾਂ ਦੇ ਦੁੱਖਾਂ, ਦਰਦਾਂ ਅਤੇ ਸੰਘਰਸ਼ਾਂ ਨੂੰ ਬਿਆਨ ਕਰਦੀਆਂ ਹਨ। ਉਹਨਾ ਇਹ ਵੀ ਕਿਹਾ ਕਿ ਜਾਗਦੀ ਜ਼ਮੀਰ ਵਾਲੇ ਲੇਖਕਾਂ ਨੂੰ ਜ਼ੁਲਮ, ਜਬਰ ਅਤੇ ਨਾ-ਇਨਸਾਫ਼ੀ ਵਿਰੁੱਧ ਖੜਨਾ, ਅੜਨਾ ਅਤੇ ਲੜਨਾ ਚਾਹੀਦਾ ਹੈ। ਇਸ ਤੋਂ ਪਹਿਲਾਂ ਪ੍ਰੋ. ਗੰਡਮ ਦੀਆਂ ਤਿੰਨ ਵਾਰਤਕ ਪੁਸਤਕਾਂ ਛੱਪ ਚੁੱਕੀਆਂ ਹਨ।

ਇਸ ਸਮਾਗਮ ਵਿੱਚ ਡਾ. ਦਲਬੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਬਰੈਂਪਟਨ ਕੈਨੇਡਾ, ਨੇ ਵਿਸ਼ੇਸ਼ ਸ਼ਿਰਕਤ ਕੀਤੀ। ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨੂੰ ਪ੍ਰਣਾਏ ਹੋਏ ਉੱਦਮੀ ਡਾ. ਦਲਬੀਰ ਸਿੰਘ ਕਥੂਰੀਆ ਨੇ ਪੱਛਮੀ ਪੰਜਾਬ (ਪਾਕਿਸਤਾਨ) ਦੀ ਮੁੱਖ ਮੰਤਰੀ ਮਰੀਅਮ ਨਿਵਾਜ਼ ਸ਼ਰੀਫ਼ ਦਾ ਇਸ ਗੱਲੋਂ ਧੰਨਵਾਦ ਕੀਤਾ ਕਿ ਉਹਨਾਂ ਨੇ ਉਥੇ ਪਹਿਲੀ ਤੋਂ ਪੰਜਵੀਂ ਕਲਾਸ ਤੱਕ ਪੰਜਾਬੀ ਲਾਗੂ ਕਰਨ ਦਾ ਫ਼ੈਸਲਾ ਕੀਤਾ। ਇਸ ਮੌਕੇ ਡਾ. ਕਥੂਰੀਆ ਅਤੇ ਪ੍ਰੋ. ਗੰਡਮ ਨੂੰ ਸਨਮਾਨਿਤ ਕੀਤਾ ਗਿਆ। ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਸ਼ਖ਼ਸ਼ੀਅਤਾਂ ਤੋਂ ਇਲਾਵਾ ਕਮਲੇਸ਼ ਸੰਧੂ, ਰਵਿੰਦਰ ਚੋਟ, ਅਸ਼ੋਕ ਚੱਢਾ ਨੇ ਪੁਸਤਕ ਚਰਚਾ ਚ ਹਿੱਸਾ ਲਿਆ।

ਹੋਰਨਾਂ ਤੋਂ ਇਲਾਵਾ ਪਰਵਿੰਦਰਜੀਤ ਸਿੰਘ, ਜਸਵਿੰਦਰ ਫਗਵਾੜਾ, ਲਸ਼ਕਰ ਢੰਡਵਾੜਵੀ,ਸਿਮਰਤ ਕੌਰ,ਹਰਜਿੰਦਰ ਨਿਆਣਾ,ਮੈਡਮ ਬੰਸੋ ਦੇਵੀ,ਕੁਲਵੰਤ ਸਿੰਘ ਭਿੰਡਰ,ਪ੍ਰੀਤ ਕੌਰ ਪ੍ਰੀਤੀ,ਅਸ਼ੋਕ ਸ਼ਰਮਾ, ਚਰਨਜੀਤ ਸਿੰਘ ਬਰਨਾ ਅਤੇ ਹੋਰ ਮੈਂਬਰ ਹਾਜ਼ਰ ਸਨ।

# ਅੰਬੇਡਕਰ ਸੈਨਾ ਮੂਲ ਨਿਵਾਸੀ ਨੇ ਜਾਤੀ ਸੂਚਕ ਸ਼ਬਦਾਂ ਵਾਲੀ ਵੀਡੀਓ ਅਪਲੋਡ ਕਰਨ ਵਾਲੇ ਅਨਸਰ ਖਿਲਾਫ ਕਾਰਵਾਈ ਦੀ ਕੀਤੀ ਮੰਗ



ਫਗਵਾੜਾ ( ਸੁਸ਼ੀਲ ਸ਼ਰਮਾ ) ਅੰਬੇਡਕਰ ਸੈਨਾ ਮੂਲ ਨਿਵਾਸੀ (ਪੰਜਾਬ) ਦਾ ਇਕ ਵਫਦ ਜਿਲ੍ਹਾ ਪ੍ਰਧਾਨ ਧਰਮਵੀਰ ਬੋਧ ਤੋਂ ਇਲਾਵਾ ਸ਼ਹਿਰੀ ਪ੍ਰਧਾਨ ਸੰਜੀਵ ਕੁਮਾਰ ਤੇ ਦਿਹਾਤੀ ਪ੍ਰਧਾਨ ਮਨਜੀਤ ਮਾਨ ਦੀ ਅਗਵਾਈ ਹੇਠ ਐਸ.ਐਚ.ਓ. ਅਮਨਦੀਪ ਨਾਹਰ ਥਾਣਾ ਸਿਟੀ ਫਗਵਾੜਾ ਨੂੰ ਮਿਲਿਆ। ਇਸ ਦੌਰਾਨ ਅੰਬੇਡਕਰ ਸੈਨਾ ਵਲੋਂ ਐਸ.ਐਚ.ਓ. ਸਿਟੀ ਨੂੰ ਇਕ ਮੰਗ ਪੱਤਰ ਦਿੱਤਾ ਗਿਆ। ਜਿਸ ਵਿਚ ਸੋਸ਼ਲ ਮੀਡੀਆ ਰਾਹੀਂ ਐਸ.ਸੀ. ਸਮਾਜ ਬਾਰੇ ਜਾਤੀ ਸੂਚਕ ਸ਼ਬਦ ਬੋਲਣ ਵਾਲੇ ਤਨਵੀਰ ਸਿੰਘ ਉਰਫ ਤੰਨਾ ਪੁੱਤਰ ਗੁਰਵਿੰਦਰ ਸਿੰਘ ਸੰਧੂ ਵਾਸੀ ਪਿੰਡ ਭੈਣੀ ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਅਤੇ ਉਸਦੇ ਹੋਰ ਸਾਥੀਆਂ ਦੇ ਖਿਲਾਫ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਗਈ ਹੈ। ਜਾਣਕਾਰੀ ਦਿੰਦੇ ਹੋਏ ਜਿਲ੍ਹਾ ਪ੍ਰਧਾਨ ਧਰਮਵੀਰ ਬੋਧ ਅਤੇ ਹੋਰਨਾਂ ਆਗੂਆਂ ਨੇ ਦੱਸਿਆ ਕਿ ਬੀਤੇ ਦਿਨੀਂ ਸੋਸ਼ਲ ਮੀਡੀਆ ਉੱਪਰ ਇਕ ਵੀਡੀਓ ਵਾਇਰਲ ਹੋਈ ਹੈ ਜਿਸ ਵਿਚ ਤਨਵੀਰ ਸਿੰਘ ਉਰਫ ਤੰਨਾ ਨਾਂ ਦਾ ਉਕਤ ਵਿਅਕਤੀ ਐਸ.ਸੀ.ਸਮਾਜ ਬਾਰੇ ਭੱਦੀ ਸ਼ਬਦਾਵਲੀ ਦੀ ਵਰਤੋਂ ਅਤੇ ਗਾਲੀ ਗਲੋਚ ਕਰ ਰਿਹਾ ਹੈ। ਜਿਸ ਨਾਲ ਉਹਨਾਂ ਦੀਆਂ ਭਾਵਨਾਵਾਂ ਨੂੰ ਠੇਸ ਪੁੱਜੀ ਹੈ ਤੇ ਇਹ ਹਰਕਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੁੱਚੇ ਐਸ.ਸੀ. ਸਮਾਜ ਨੂੰ ਅਪਮਾਨਿਤ ਕਰਨ ਵਾਲੀ ਹੈ। ਇਸ ਲਈ ਉਕਤ ਵਿਅਕਤੀ ਅਤੇ ਇਸ ਦੇ ਸਾਥੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਲਈ ਉਹਨਾਂ ਨੇ ਥਾਣਾ ਸਿਟੀ ਫਗਵਾੜਾ ਵਿਖੇ ਮੰਗ ਪੱਤਰ ਦਿੱਤਾ ਹੈ। ਇਸ ਮੌਕੇ ਮਨੀ ਅੰਬੇਡਕਰੀ, ਬਲਵਿੰਦਰ ਬੋਧ, ਮੋਨੂੰ ਭਾਟੀਆ, ਰਾਜ ਅੰਬੇਡਕਰੀ, ਹੈਪੀ, ਰਿੱਕੀ ਆਦਿ ਹਾਜਰ ਸਨ।

# ਕਾਂਗਰਸੀ ਆਗੂ ਸਾਬਕਾ ਮੰਤਰੀ ਸ਼ਹੀਦ ਜੋਗਿੰਦਰ ਪਾਲ ਪਾਂਡੇ ਨੂੰ ਸ਼ਰਧਾਂਜਲੀਆਂ ਭੇਂਟ

(*ਸੁਖਚੇਨ ਮਹਿਰਾ,ਨਰੇਸ਼ ਹੰਸ* ) ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਮੰਤਰੀ ਮਹਰੂਮ ਜੋਗਿੰਦਰ ਪਾਲ ਪਾਂਡੇ ਜ਼ੋ ਕਿ ਪੰਜਾਬ ਚ ਅੱਤਵਾਦ ਦੇ ਕਾਲੇ ਦੌਰ ਦੌਰਾਨ ਆਤੰਕਵਾਦ ਦਾ ਸ਼ਿਕਾਰ ਹੋ ਕੇ ਸ਼ਹੀਦੀ ਪਾ ਗਏ ਸਨ ।ਉਹਨਾਂ ਦੀ 38 ਵੀਂ ਬਰਸੀ ਸ਼੍ਰੀ ਗੁਰੂ ਰਵਿਦਾਸ ਪਾਰਕ ਵਾਰਡ ਨੰਬਰ 88 ਵਿਖੇ ਸਾਬਕਾ ਕੌਂਸਲਰ ਰਘਵੀਰ ਸਿੰਘ ਬੀਰਾ ਦੀ ਅਗਵਾਈ ਚ ਮਨਾਈ ਗਈ । ਉਨਾਂ ਦੀ ਆਤਮਿਕ ਸ਼ਾਂਤੀ ਲਈ ਪਰਵਾਰ ਵੱਲੋ ਰੱਖੇ ਸਮਾਗਮ ਚ ਸਵ: ਸ਼ਹੀਦ ਜੁਗਿੰਦਰਪਾਲ ਪਾਂਡੇ ਨੂੰ ਸਮਾਜ ਦੇ ਹਰ ਵਰਗ ਅਤੇ ਸਮਰਥਕਾ ਵੱਲੋਂ ਸ਼ਰਧਾਂਜਲੀਆਂ ਭੇਟ ਕਰਨ ਲਈ ਵੱਖ ਵੱਖ ਧਾਰਮਿਕ ਸਮਾਜਿਕ, ਅਤੇ ਰਾਜਨੀਤਕ ਆਗੂ ਸ਼ਮਿਲ ਹੋਏ ਜਿਨ੍ਹਾਂ ਵਿੱਚ ਲੁਧਿਆਣੇ ਤੋਂ ਮੈਂਬਰ ਪਾਰਲੀਮੈਂਟ ਅਮਰਿੰਦਰ ਰਾਜਾ ਵੜਿੰਗ ਦੀ ਧਰਮ ਪਤਨੀ ਅੰਮ੍ਰਿਤਾ ਵੜਿੰਗ ਨੇ ਸ਼ਰਧਾਂਜਲੀ ਸਮਾਗਮ ਦੌਰਾਨ ਭਰਵੇਂ ਇਕੱਠ ਵਿਚ ਕਿਹਾ ਕਿ ਅੱਜ ਸ਼ਰਧਾਂਜਲੀ ਸਮਾਰੋਹ ਦੇ ਵਿੱਚ ਪਹੁੰਚਣ ਤੇ ਇੱਕ ਗੱਲ ਬੜੀ ਕਲੀਅਰ ਹੁੰਦੀ ਹੈ ਕਿ ਜੋਗਿੰਦਰ ਲਾਲ ਪਾਂਡੇ ਜੀ ਕਿਤੇ ਨਹੀਂ ਗਏ ।ਉਹ ਸਾਡੇ ਵਿੱਚ ਅੱਜ ਵੀ ਜਿਉਂਦੇ ਜਾਗਦੇ ਹਨ ਅਤੇ ਸ਼ਹਿਰ ਦੇ ਲੋਕਾਂ ਲਈ ਕੀਤੇ ਕਾਰਜਾਂ ਅਤੇ ਉਹਨਾਂ ਦੇ ਜੋ ਸਿਧਾਂਤ



ਸਨ ਉਨ੍ਹਾਂ ਸਿਧਾਂਤਾਂ ਤੇ ਸਾਨੂੰ ਪਹਿਰਾ ਦੇਣ ਦੀ ਲੋੜ ਹੈ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਅਮਰਜੀਤ ਜੀਤਾ ਨੇ ਕਿਹਾ ਕਿ ਸ਼ਹੀਦ ਜੁਗਿੰਦਰਪਾਲ ਪਾਂਡੇ ਜੋ ਕਿ ਕਾਂਗਰਸ ਪਾਰਟੀ ਦੇ ਥੰਮ ਸਨ ਅਤੇ ਜ਼ਰੂਰਤਮੰਦ ਲੋਕਾਂ ਦੀ ਮਦਦ ਲਈ ਹਮੇਸ਼ਾ ਮੋਹਰੀ ਰਹਿੰਦੇ ਸਨ॥ ਇਸ ਮੌਕੇ ਸ਼ਰਧਾਂਜਲੀ ਸਮਾਗਮ ਦੌਰਾਨ ਸਾਬਕਾ ਵਿਧਾਇਕ ਸੰਜੇ ਤਲਵਾੜ, ਸਾਬਕਾ ਕੌਂਸਲਰ ਮਮਤਾ ਆਸ਼ੂ ਸਾਬਕਾ ਵਿਧਾਇਕ ਰਕੇਸ਼ ਪਾਂਡੇ ,ਸ਼ਾਮ ਸੁੰਦਰ ਮਲਹੋਤਰਾ , ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਸ਼ਰਮਾ, ਵਾਰਡ ਨੰਬਰ ਇੱਕ ਤੋਂ ਅਮਰਜੀਤ ਜੀਤਾ, ਦੀਪਕ ਹੰਸ , ਕ੍ਰਿਸ਼ਨ ਖਰਬੰਦਾ, ਕੌਂਸਲਰ ਰਾਜੂ ਥਾਪਰ ,ਕੌਂਸਲਰ ਗੋਪੀ ,ਬੀਨੂ ਬਹਿਲ, ਵਿੱਕੀ ਦੱਤਾ , ਦੁਸ਼ਯੰਤ ਪਾਂਡੇ , ਨੌਰਥ ਤੋਂ ਬੀਜੇਪੀ ਦੇ ਆਗੂ ਸਾਬਕਾ ਡਿਪਟੀ ਮੇਅਰ ਪ੍ਰਵੀਨ ਬੰਸਲ , ਸੂਈਆਂ ਵਾਲੇ ਹਸਪਤਾਲ ਦੇ ਡਾਕਟਰ ਢੀਂਗਰਾ , ਸਾਬਕਾ ਕੌਂਸਲਰ ਰੋਕੀ ਭਾਟੀਆ, ਸੋਨੀ ਬਖਸ਼ੀ , ਰਾਜੂ ਥਾਪਰ ਆਦਿ ਨੇ ਵਿਸ਼ੇਸ਼ ਤੌਰ ਤੇ ਪਹੁੰਚਕੇ ਸ਼ਹੀਦ ਜੁਗਿੰਦਰਪਾਲ ਪਾਂਡੇ ਨੂੰ ਸ਼ਰਧਾਂਜਲੀ ਭੇਂਟ ਕੀਤੀ।

# ਇਲੈਕਟਰੀਕਲ ਟ੍ਰੇਡਰਜ਼ ਐਸੋਸੀਏਸ਼ਨ ਨੇ ਜਰੂਰਤਮੰਦ ਪਰਿਵਾਰਾਂ ਨੂੰ ਹਫਤਾਵਾਰੀ ਰਾਸ਼ਨ ਭੇਂਟ ਕੀਤਾ-ਬਲਬੀਰ ਕਾਕਾ



ਫ਼ਗਵਾੜਾ (ਸੁਸ਼ੀਲ ਸ਼ਰਮਾ) ਇਲੈਕਟਰੀਕਲ ਟ੍ਰੇਡਰਜ਼ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਜਿੱਥੇ ਹਜ਼ਾਰਾਂ ਪਰਿਵਾਰਾਂ ਨੂੰ ਰੁਜ਼ਗਾਰ ਦਿੱਤਾ ਜਾ ਰਿਹਾ ਹੈ।ਉੱਥੇ ਜਰੂਰਤਮੰਦ ਪਰਿਵਾਰਾਂ ਨੂੰ ਹਫਤਾਵਾਰੀ ਰਾਸ਼ਨ ਪ੍ਰੋਗਰਾਮ ਆਯੋਜਿਤ ਕਰਕੇ ਪੁੰਨ ਦੇ ਕੰਮ ਵੀ ਕੀਤੇ ਜਾ ਰਹੇ ਹਨ। ਇਸੇ ਲੜੀ ਦੇ ਚੱਲਦਿਆਂ ਪ੍ਰਧਾਨ ਬਲਬੀਰ ਕਾਕਾ ਦੀ ਰਹਿਨੁਮਾਈ ਹੇਠ ਫਾਈਨ ਮਾਰਕੀਟਿੰਗ,ਹਾਲ ਬਾਜ਼ਾਰ ਵਿਖੇ ਕਈ ਜਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਭੇਂਟ ਕੀਤਾ ਗਿਆ।

ਇਸ ਮੌਕੇ ਤੇ ਪ੍ਰਧਾਨ ਬਲਬੀਰ ਕਾਕਾ,ਚੇਅਰਮੈਨ ਰਣਜੀਤ ਸਿੰਘ ਅਰੋੜਾ,ਕੈਸ਼ੀਅਰ ਹਰਜੀਤ ਸਿੰਘ ਕਲਸੀ,ਗੁਰਬਖਸ਼ ਮਰਵਾਹਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਡੀ ਐਸੋਸੀਏਸ਼ਨ ਦੇ ਕਰੀਬ 121 ਮੈਂਬਰ ਹਨ। ਇਹ ਸਾਰੇ ਪਰਿਵਾਰ ਜਿੱਥੇ ਇੱਕ ਦੂਸਰੇ ਲਈ ਸੁੱਖ ਦੁੱਖ ਦੇ ਸਾਥੀ ਬਣਦੇ ਹਨ, ਉਥੇ ਇਹਨਾਂ ਵੱਲੋਂ ਹਰ ਪ੍ਰਕਾਰ ਦੇ ਸਮਾਜ ਸੇਵੀ ਕੰਮਾਂ ਵਿੱਚ ਹਮੇਸ਼ਾ ਵੱਧ ਚੜ ਕੇ ਯੋਗਦਾਨ ਅਦਾ ਕੀਤਾ ਜਾਂਦਾ ਹੈ। ਇੱਕ ਸਾਲ ਦੇ ਵਿੱਚ 48 ਪ੍ਰੋਗਰਾਮ ਆਯੋਜਿਤ ਕਰਦੇ ਹੋਏ ਜਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਦਿੱਤੇ ਜਾ ਰਹੇ ਹਨ। ਪਰਮਾਤਮਾ ਦੇ ਅਸ਼ੀਰਵਾਦ ਅਤੇ ਸਾਥੀਆਂ ਦੇ ਸਹਿਯੋਗ ਦੇ ਚਲਦਿਆਂ ਇਹ ਪ੍ਰੋਗਰਾਮ ਲਗਾਤਾਰ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਤੇ ਪਰਸ਼ੋਤਮ ਮਰਵਾਹਾ,ਕਮਲ ਕਿਸ਼ੋਰ,ਮੰਨੂ ਬਾਂਸਲ,ਨਾਨਕ ਸਿੰਘ,ਰਾਹੁਲ ਸ਼ਰਮਾ,ਪ੍ਰਿੰਸ ਇਲੈਕਟਰੀਕਲ,ਪਵਨ ਕੁਮਾਰ ਸ਼ਕਤੀ ਇਲੈਕਟਰੀਕਲ,ਮਹਾਜਨ ਟਰੇਡਰ ਤੋਂ ਇਲਾਵਾ ਹੋਰ ਟੀਮ ਸਾਥੀ ਮੌਜੂਦ ਸਨ।

# ਨਵੀਂ ਗਊਸ਼ਾਲਾ ਬਣਾਉਣ ਲਈ ਨਗਰ ਕੌਂਸਲ ਵਲੋਂ ਮੀਟਿੰਗ ਵਿੱਚ ਮਤਾ ਲਿਆਂਦਾ ਜਾਵੇ:ਭੁਪਿੰਦਰ ਸ਼ਰਮਾ, ਹਰਜੀਤ ਪੰਨੂੰ



ਖਰੜ, (ਕਾਲਾ ਸਿੰਘ ਸੈਣੀ )- ਜੇਕਰ ਸ਼ਹਿਰ ਵਿੱਚ ਨਵੀਂ ਗਊਸ਼ਾਲਾ ਬਣਾਉਣ ਦਾ ਨਗਰ ਕੌਂਸਲ ਵਲੋਂ ਅਗਾਮੀ ਹੋਣ ਵਾਲੀ ਮੀਟਿੰਗ ਵਿੱਚ ਮਤਾ ਨਾਲ ਲਿਆਂਦਾ ਤਾਂ ਨਗਰ ਕੌਂਸਲ ਖਰੜ ਵਿਰੁੱਧ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ। ਉਨਾਂ ਦੱਸਿਆ ਕਿ ਬੀਤੇ ਕੁਝ ਮਹੀਨੇ ਪਹਿਲਾ ਮਰਹੂਮ ਵਿਧਾਇਕ ਗੁਰਪ੍ਰੀਤ ਗੋਗੀ ਜਦੋਂ ਨਗਰ ਕੌਂਸਲ ਖਰੜ ਵਿਖੇ ਆਏ ਸਨ ਤਾਂ ਉਨਾਂ ਵੱਲੋਂ ਵਿਧਾਇਕ ਗੁਰਪ੍ਰੀਤ ਗੋਗੀ ਅੱਗੇ ਗਊਸ਼ਾਲਾ ਦਾ ਮੁੱਦਾ ਚੁੱਕਿਆ ਗਿਆ ਸੀ ਜਿਥੇ ਕੌਂਸਲ ਅਧਿਕਾਰੀਆਂ ਨੇ ਵਿਧਾਇਕ ਨੂੰ ਦੱਸਿਆ ਸੀ ਸ਼ਹਿਰ ਵਿਚ ਗਊਸ਼ਾਲਾ ਦੇ ਲਈ ਜਗਾ ਵੀ ਪਈ ਹੈ ਅਤੇ ਮਤਾ ਵੀ ਪਾਇਆ ਜਾ ਚੁੱਕਿਆ ਤੇ ਫੰਡ ਵੀ ਜਾਰੀ ਹੋ ਚੁੱਕਾ ਹੈ, ਜਿਸ ਤੇ ਗੁਰਪ੍ਰੀਤ ਗੋਗੀ ਨੇ ਅਧਿਕਾਰੀਆਂ ਨੂੰ ਕਿਹਾ ਸੀ ਇੱਕ ਮਹੀਨੇ ਦੇ ਅੰਦਰ ਅੰਦਰ ਇਹ ਸਾਰਾ ਕੰਮ ਮੁਕੰਮਲ ਕੀਤਾ ਜਾਵੇ ਅਤੇ ਉਹ ਖੁਤ ਇਸ ਗਊਸ਼ਾਲਾ ਦਾ ਉਦਘਾਟਨ ਕਰਨ ਲਈ ਆਉਣਗੇ। ਇਹ ਵਿਚਾਰ ਗਊਸ਼ਾਲਾ ਸੇਵਾ ਸੰਮਤੀ ਦੇ ਮੁੱਖ ਸੰਚਾਲਕ ਭੁਪਿੰਦਰ ਸ਼ਰਮਾ ਅਤੇ ਸਮਾਜ ਸੇਵੀ ਆਗੂ ਹਰਜੀਤ ਸਿੰਘ ਪੰਨੂੰ ਨੇ ਗੱਲਬਾਤ ਕਰਦਿਆਂ ਸਾਂਝੇ ਕੀਤੇ। ਉਨਾਂ ਕਿਹਾ ਕਿ ਇਹ ਕੰਮ ਨਗਰ ਕੌਂਸਲ ਖਰੜ ਵਲੋਂ ਹਾਲ ਤੱਕ ਠੰਡੇ ਬਸਤੇ ਵਿੱਚ ਹੀ ਪਾਇਆ ਹੋਇਆ ਹੈ। ਉਨਾਂ ਕਿਹਾ ਕਿ ਨਗਰ ਕੌਂਸਲ ਦੇ ਕੋਲ ਗਊਸ਼ਾਲਾ ਲਈ ਜਗਾ ਵੀ ਹੈ, ਫੰਡ ਵੀ ਹੈ ਪਰ ਜੇਕਰ ਉਹ ਨਹੀਂ ਬਣਾ ਸਕਦੇ ਤਾਂ ਕਿਸੇ ਗਊਸ਼ਾਲਾ ਦੀ ਕਮੇਟੀ ਨੂੰ ਜਗਾ ਦੇ ਦਿੱਤੀ ਜਾਵੇ ਤਾਂ ਜੋ ਸ਼ਹਿਰ ਨਿਵਾਸੀਆਂ ਦੀ ਸਹਿਯੋਗ ਦੇ ਨਾਲ ਇਸ ਗਊਸ਼ਾਲਾ ਨੂੰ ਵਧੀਆ ਢੰਗ ਨਾਲ ਬਣਾਇਆ ਜਾ ਸਕੇ।

ਉਨਾਂ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਨਵੀਂ ਗਊਸ਼ਾਲਾ ਦੀ ਉਸਾਰੀ ਜਲਦ ਤੋਂ ਜਲਦ ਸ਼ੁਰੂ ਕਰਵਾਈ ਜਾਵੇ ਅਤੇ ਆਉਣ ਵਾਲੀ ਨਗਰ ਕੌਂਸਲ ਦੀ ਮੀਟਿੰਗ ਦੇ ਵਿੱਚ ਇਹ ਮਤਾ ਪਾਸ ਕੀਤਾ ਜਾਵੇ। ਉਨਾਂ ਕਿਹਾ ਕਿ ਜੇਕਰ ਨਗਰ ਕੌਂਸਲ ਵੱਲੋਂ ਗਊਸ਼ਾਲਾ ਸਬੰਧੀ ਕੋਈ ਕਦਮ ਨਾ ਚੁੱਕਿਆ ਗਿਆ ਤਾਂ ਉਹ ਗਊਸ਼ਾਲਾ ਵਿੱਚੋਂ ਗਊਆਂ ਨੂੰ ਨਾਲ ਲਿਜਾ ਕੇ ਕਾਰਜ ਸਾਧਕ ਅਫਸਰ ਖਰੜ ਦੇ ਦਫਤਰ ਦਾ ਘਿਰਾਓ ਕਰਨਗੇ ਜਿਸਦੀ ਸਾਰੀ ਜਿੰਮੇਵਾਰੀ ਨਗਰ ਕੌਂਸਲ ਖਰੜ ਪ੍ਰਸਾਸ਼ਨ ਤੇ ਪ੍ਰਧਾਨ ਨਗਰ ਕੌਂਸਲ ਖਰੜ ਤੇ ਸਮੂਹ ਕੌਂਸਲਰਾਂ ਦੀ ਹੋਵੇਗੀ।

# ਸ੍ਰੀ ਰਮਤੇਸ਼ਵਰ ਮਹਾਂਦੇਵ ਮੰਦਰ ਖਰੜ ਦਾ ਸਥਾਪਨਾ ਦਿਵਸ ਮਨਾਇਆ



ਖਰੜ, (ਕਾਲਾ ਸਿੰਘ ਸੈਣੀ )-:ਸ੍ਰੀ ਰਮਤੇਸ਼ਵਰ ਮਹਾਂਦੇਵ ਮੰਦਰ ਖਰੜ ਦਾ ਸਥਾਪਨਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਮੰਦਰ ਕਮੇਟੀ ਦੇ ਪ੍ਰਧਾਨ ਅਸ਼ੋਕ ਗੁਪਤਾ ਨੇ ਦਸਿਆ ਕਿ ਮੰਦਰ ਕਮੇਟੀ ਵਲੋਂ ਸ਼ਰਧਾਲੂਆਂ ਦੇ ਸਹਿਯੋਗ ਨਾਲ ਪੰਡਿਤ ਵਿਨੋਦ ਕੁਮਾਰ ਨੇ ਪੂਜਾ ਕਰਵਾਈ। ਉਸ ਉਪਰੰਤ ਕੀਰਤਨ ਅਤੇ ਹਵਨ ਕੀਤਾ ਗਿਆ ਤੇ ਕੜਾਹ ਪ੍ਰਸ਼ਾਦਿ ਵਰਤਾਇਆ ਗਿਆ। ਇਸ ਮੌਕੇ ਲਲਿਤ ਕੁਮਾਰ, ਸਾਹਿਲ ਪੁਰੀ, ਰਾਜਨ ਗੁਪਤਾ, ਰਮਨ ਕੁਮਾਰ, ਸੌਰਵ ਗੰਭੀਰ, ਵਿਕਰਮ ਅਰੋੜਾ, ਗੌਰਵ ਆਨੰਦ ਸਮੇਤ ਹੋਰ ਸ਼ਰਧਾਲੂ ਅਤੇ ਸ਼ਹਿਰ ਨਿਵਾਸੀ ਹਾਜ਼ਰ ਸਨ।

# ਕਿਸਾਨ ਮਜ਼ਦੂਰ ਮੋਰਚਾ ਜਿਲਾ ਮੁਹਾਲੀ ਦੇ ਅਹੁੱਦੇਦਾਰਾਂ ਦੀ ਕੀਤੀ ਚੋਣ



ਖਰੜ, ( ਕਾਲਾ ਸਿੰਘ ਸੈਣੀ )-ਕਿਸਾਨ ਮਜ਼ਦੂਰ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਮਲਕੀਤ ਸਿੰਘ ਥਿੰਦ ਦੀ ਅਗਵਾਈ ਵਿਚ ਗੁਰਦੁਆਰਾ ਸੰਤ ਸਰੋਵਰ ਸਾਹਿਬ ਸੰਤੇਮਾਜਰਾ ਵਿਖੇ ਮੀਟਿੰਗ ਹੋਈ। ਉਨਾਂ ਜਥੇਬੰਦੀ ਦਸਿਆ ਕਿ ਜਿਲਾ ਐਸ.ਏ.ਐਸ.ਨਗਰ ਵਿਚ ਜਿਲਾ ਜਥੇਬੰਦੀ ਦਾ ਗਠਨ ਕੀਤਾ ਗਿਆ। ਇਸ ਗਠਨ ਵਿਚ ਜਿਲਾ ਪ੍ਰਧਾਨ ਗੁਰਵਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਮੀਤ ਪ੍ਰਧਾਨ ਹਰਦੀਪ ਸ਼ਰਮਾ,ਰਾਜਬੀਰ ਕੌਰ ਸੰਧੂ, ਮੀਤ ਪ੍ਰਧਾਨ ਹਰਦੀਪ ਸ਼ਰਮਾ,ਜਨਰਲ ਸਕੱਤਰ ਅਮਨਦੀਪ ਸਿੰਘ ਸੰਧੂ, ਪ੍ਰੈਸ ਸਕੱਤਰ ਬਚਿੱਤਰ ਸਿੰਘ, ਖਜਾਨਚੀ ਹਰਪ੍ਰੀਤ ਸਿੰਘ ਚੁਣੇ ਗਏ ਹਨ। ਸੂਬਾ ਪ੍ਰਧਾਨ ਨੇ ਕਿਹਾ ਕਿ ਕਿਸਾਨ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਰੋਸ ਵਜੋਂ 26 ਜਨਵਰੀ ਨੂੰ ਜਿਲੇ ਵਿਚ ਟਰੈਕਟਰ ਮਾਰਚ ਵੀ ਕੀਤਾ ਜਾਵੇਗਾ। ਇਸ ਮੌਕੇ ਹਰਨੇਕ ਸਿੰਘ, ਗੁਰਧਿਆਨ ਸਿੰਘ, ਹਰਜੀਤ ਸਿੰਘ ਸਮੇਤ ਹੋਰ ਆਗੂ ਹਾਜ਼ਰ ਸਨ।

# ਜੱਥੇਦਾਰ ਰਣਜੀਤ ਸਿੰਘ ਕਾਹਲੋਂ ਦੇ ਸਹਿਯੋਗ ਸਦਕਾ ਲੋੜਵੰਦ ਮਰੀਜ ਦੀ ਅੱਖ ਦਾ ਹੋਇਆ ਆਪ੍ਰੇਸ਼ਨ



ਫਗਵਾੜਾ ( ਸੁਸ਼ੀਲ ਸ਼ਰਮਾ ) ਜੱਥੇਦਾਰ ਰਣਜੀਤ ਸਿੰਘ ਰਾਣਾ ਕਾਹਲੋਂ ਸਮਾਜ ਸੇਵਕ ਪਿੰਡ ਸਾਹਨੀ ਦੇ ਸਹਿਯੋਗ ਨਾਲ ਇੱਕ ਲੋੜਵੰਦ ਮਰੀਜ ਦੀ ਅੱਖ ਦਾ ਫਰੀ ਆਪ੍ਰੇਸ਼ਨ ਸਥਾਨਕ ਸੁਪਰ ਆਈ ਕੇਅਰ ਹਸਪਤਾਲ ਪਟੇਲ ਨਗਰ ਫਗਵਾੜਾ ਵਿਖੇ ਕਰਵਾਇਆ ਗਿਆ। ਵਧੇਰੇ ਜਾਣਕਾਰੀ ਦਿੰਦਿਆਂ ਜੱਥੇਦਾਰ ਰਣਜੀਤ ਸਿੰਘ ਰਾਣਾ ਨੇ ਦੱਸਿਆ ਕਿ ਮੋਤੀਆਬਿੰਦ ਨਾਲ ਪੀੜ੍ਹਤ ਲੋੜਵੰਦ ਮਰੀਜ ਦੀ ਅੱਖ ਵਿੱਚ ਫੋਲਡੇਬਲ ਲੈਂਜ ਪਾ ਕੇ ਨਵੀਂ ਰੌਸ਼ਨੀ ਪ੍ਰਦਾਨ ਕੀਤੀ ਗਈ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬਾਨਾਂ ਦੀ ਅਪਾਰ ਕਿਰਪਾ ਸਦਕੇ ਪ੍ਰਵਾਸੀ ਭਾਰਤੀਆਂ ਅਤੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਧਾਰਮਿਕ ਤੇ ਸਮਾਜਿਕ ਖੇਤਰ ਵਿੱਚ ਲੋਕ ਭਲਾਈ ਦੇ ਕਾਰਜ ਕੀਤੇ ਜਾ ਰਹੇ ਹਨ ਜੋ ਕੇ ਅੱਗੇ ਤੋਂ ਵੀ ਜਾਰੀ ਰਹਿਣਗੇ । ਇਸ ਮੌਕੇ ਅੱਖਾਂ ਦੇ ਮਾਹਿਰ ਡਾ. ਵਰੁਣ ਸ਼ਰਮਾ (ਐਮ.ਬੀ.ਬੀ.ਐਸ., ਐਮ.ਐਸ.) ਨੇ ਮਰੀਜ ਨੂੰ ਅੱਖਾਂ ਦੀ ਸੰਭਾਲ ਬਾਰੇ ਜ਼ਰੂਰੀ ਹਦਾਇਤਾਂ ਦਿੱਤੀਆਂ ਅਤੇ ਕਿਹਾ ਕਿ ਅੱਖਾਂ ਦੀ ਕਿਸ ਬਿਮਾਰੀ ਨੂੰ ਲੈ ਕੇ ਲਾਪਰਵਾਹੀ ਨਹੀਂ ਵਰਤਣੀ ਚਾਹੀਦੀ ਹੈ। ਜੇਕਰ ਕੋਈ ਤਕਲੀਫ ਹੋਵੇ ਤਾਂ ਤੁਰੰਤ ਮਾਹਿਰ ਡਾਕਟਰ ਦੀ ਸਲਾਹ ਨਾਲ ਇਲਾਜ ਜ਼ਰੂਰ ਕਰਵਾਉਣਾ ਚਾਹੀਦਾ ਹੈ। ਇਸ ਮੌਕੇ ਟਹਿਲ ਸਿੰਘ, ਕੁਲਵੀਰ ਸਿੰਘ ਕਾਹਲੋਂ, ਤਰਲੋਚਨ ਸਿੰਘ ਪ੍ਰੇਮਪੁਰ, ਮਨਵੀਰ ਸਿੰਘ, ਬਲਵੀਰ ਚੰਦ, ਤਰਸੇਮ ਕੌਰ , ਸ੍ਰੀ ਚੰਦ ਆਦਿ ਹਾਜਰ ਸਨ।

# ਉਲੰਘਣਾ ਕਰਨ ਵਾਲਿਆਂ ਤੇ ਪੀ.ਸੀ.ਪੀ.ਐਨ.ਡੀ.ਟੀ. ਐਕਟ ਤਹਿਤ ਹੋਵੇਗੀ ਕਾਰਵਾਈ-ਡਾ.ਰਿਚਾ ਡਾਟੀਆ



ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਰਿਚਾ ਭਾਟੀਆ ਦੀ ਅਗਵਾਈ ਵਿਚ ਅੱਜ ਪੀ.ਸੀ.ਪੀ.ਐਨ.ਡੀ.ਟੀ.ਐਕਟ ਅਧੀਨ ਗਠਤ ਕੀਤੀ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ.ਰਿਚਾ ਭਾਟੀਆ ਨੇ ਦੱਸਿਆ ਕਿ ਜ਼ਿਲ੍ਹੇ ਚ ਪੀ.ਸੀ.ਪੀ.ਐਨ. ਡੀ.ਟੀ.ਐਕਟ ਤਹਿਤ ਸਿਹਤ ਵਿਭਾਗ ਦੀ ਟੀਮ ਵਲੋਂ ਸਕੈਨਿੰਗ ਸੈਂਟਰਾਂ ਦੀ ਸਮੇਂ-ਸਮੇਂ ਤੇ ਜਾਂਚ ਕੀਤੀ ਜਾਂਦੀ ਹੈ, ਤਾਂ ਕਿ ਕੰਨਿਆ ਭਰੂਣ ਹੱਤਿਆ ਨੂੰ ਰੋਕਿਆ ਜਾ ਸਕੇ । ਉਨ੍ਹਾਂ ਸਾਰੇ ਸਕੈਨਿੰਗ ਸੈਂਟਰਾਂ ਨੂੰ ਹਦਾਇਤ ਕਰਦਿਆ ਕਿਹਾ ਕਿ ਜੇਕਰ ਕੋਈ ਵੀ ਭਰੂਣ ਜਾਂਚ ਕਰਦਾ ਪਾਇਆ ਗਿਆ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਕੈਨਿੰਗ ਸੈਂਟਰ ਦੀ ਰਜਿਸਟ੍ਰੇਸ਼ਨ ਰੱਦ ਕਰਕੇ ਕਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।ਇਸ ਤੋਂ ਇਲਾਵਾ ਵੱਖ-ਵੱਖ ਮੁੱਦਿਆਂ ਤੇ ਵਿਸਥਾਰ ਨਾਲ ਵਿਚਾਰ ਚਰਚਾ ਕੀਤੀ ਗਈ।

ਮੀਟਿੰਗ ਚ ਡੀ.ਐਫ.ਪੀ.ਓ.ਡਾ. ਅਸ਼ੋਕ ਕੁਮਾਰ,ਡਾ.ਸਿੰਮੀ ਧਵਨ, ਡਾ.ਅਰਸ਼ਬੀਰ ਕੌਰ,ਜ਼ਿਲ੍ਹਾ ਸਹਾਇਕ ਅਟਾਰਨੀ ਜਨਰਲ ਅਮਨਦੀਪ ਸਿੰਘ,ਪ੍ਰੋਮਿਲਾ ਅਰੋੜਾ ਸੋਸ਼ਲ ਵਰਕਰ,ਡਾ.ਰਾਜ ਕੁਮਾਰ ਸੋਸ਼ਲ ਵਰਕਰ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਸੁਖਦਿਆਲ ਸਿੰਘ,ਬੀ.ਸੀ.ਸੀ.ਜੋਤੀ ਅਨੰਦ ਆਦਿ ਹਾਜ਼ਰ ਸਨ।

# ਪਿੰਡ ਸਕਰੁੱਲਾਂਪੁਰ ਵਿਖੇ ਸਾਲਾਨਾ ਸੰਤ ਸਮਾਗਮ 1ਮਾਰਚ ਨੂੰ

ਖਰੜ, ( ਕਾਲਾ ਸਿੰਘ ਸੈਣੀ )- ਨਿਰਮਨ ਡੇਰਾ ਮਹੰਤ ਜਵਾਰਹ ਸਿੰਘ ਜੀ ਪਿੰਡ ਸਕਰੁੱਲਾਂਪੁਰ ਵਿਖੇ ਸੱਚਖੰਡ ਵਾਸੀ ਸ੍ਰੀ ਮਾਨ 108 ਮਹੰਤ ਬਾਬਾ ਰਾਮ ਸਿੰਘ ਜੀ (ਮਨੀਮਾਜਰਾ) ਅਤੇ ਸ੍ਰੀ ਮਾਨ ਮਹੰਤ ਬਾਬਾ ਜੈ ਸਿੰਘ ਜੀ (ਸਕਰੁੱਲਾਂਪੁਰ) ਵਾਲਿਆਂ ਦੀ ਯਾਦ ਵਿੱਚ ਬੜੀ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸਰਧਾ ਭਾਵਨਾ ਨਾਲ ਸਾਲਾਨਾ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਮਹੰਤ ਸ਼ੇਰ ਸਿੰਘ ਨੇ ਦੱਸਿਆ ਕਿ 27 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। ਅਤੇ 1 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰਦਾਸ ਤੋਂ ਉਪਰੰਤ ਦੀਵਾਨ ਸਜਾਏ ਜਾਣਗੇ। ਜਿਨਾਂ ਵਿੱਚ ਗਿਆਨੀ ਇੰਦਰਜੀਤ ਸਿੰਘ ਰਕਬੇ ਵਾਲੇ,ਸੰਤ ਹਰੀ ਸਿੰਘ ਜੀ ਰੰਧਾਵੇ ਵਾਲੇ,ਗਿਆਨੀ ਸ਼ੇਰ ਸਿੰਘ ਜੀ ਅੰਬਾਲੇ ਵਾਲੇ,ਗਿਆਨੀ ਸਾਹਿਬ ਸਿੰਘ ਸ਼ਾਹਬਾਦ ਮਾਰਕੰਡੇ ਵਾਲੇ,ਭਾਈ ਮਨਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਬ ਸਾਹਿਬ,ਅੰਮ੍ਰਿਤਸਰ ਅਤੇ ਹੋਰ ਨਿਰਮਲ ਭੇਖ ਦੇ ਸੰਤ ਮਹਾਂਪੁਰਖ ਕਥਾ,ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।

# ਨਵ ਨਿਯੁਕਤ ਕੌਂਸਲਰ ਪ੍ਰਿਤਪਾਲ ਸਿੰਘ ਮੰਗਾ ਨੇ ਕਰਵਾਇਆ ਸ਼ੁਕਰਾਨਾ ਸਮਾਗਮ







ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਦੇ ਵਾਰਡ ਨੰਬਰ 40 ਤੋਂ ਸ਼੍ਰੋਮਣੀ ਅਕਾਲੀ ਦਲ (ਬ) ਦੇ ਨਵ ਨਿਯੁਕਤ ਕੌਂਸਲਰ ਪ੍ਰਿਤਪਾਲ ਸਿੰਘ ਮੰਗਾ ਅਤੇ ਪਰਿਵਾਰ ਵਲੋਂ ਗੁਰਦੁਆਰਾ ਸਰਬ ਸੰਗਤ ਸਤਨਾਮਪੁਰਾ ਫਗਵਾੜਾ ਵਿਖੇ ਅਕਾਲ ਪੁਰਖ ਦਾ ਸ਼ੁਕਰਾਨਾ ਅਤੇ ਵਾਰਡ ਵਾਸੀਆਂ ਦਾ ਧੰਨਵਾਦ ਕਰਨ ਲਈ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸਾਬਕਾ ਚੇਅਰਮੈਨ ਸ. ਜਰਨੈਲ ਸਿੰਘ ਵਾਹਦ , ਸ਼੍ਰੋਮਣੀ ਅਕਾਲੀ ਦਲ ਦੇ ਸ਼ਹਿਰੀ ਹਲਕਾ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਸ. ਰਾਜਿੰਦਰ ਸਿਘ ਚੰਦੀ, ਜਥੇਦਾਰ ਗੁਰਮੁਖ ਸਿੰਘ, ਸਮੇਤ ਹੋਰ ਸੀਨੀਅਰ ਪਾਰਟੀ ਲੀਡਰਾਂ ਨੇ ਵੀ ਗੁਰੂ ਚਰਨਾਂ ਵਿਚ ਹਾਜਰੀ ਲਗਵਾਈ। ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਰਾਗੀ ਸਿੰਘਾਂ ਨੇ ਕੀਰਤਨ ਸਰਵਣ ਕਰਵਾਇਆ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਗੁਰਦੁਆਰਾ ਸਾਹਿਬ ਦੀ ਕਮੇਟੀ ਵਲੋਂ ਪ੍ਰਿਤਪਾਲ ਸਿੰਘ ਮੰਗਾਂ , ਰਣਜੀਤ ਸਿੰਘ ਖੁਰਾਣਾ, ਰਜਿੰਦਰ ਸਿੰਘ ਚੰਦੀ ਸਮੇਤ ਅਕਾਲੀ ਆਗੂਆਂ ਨੂੰ ਸਨਮਾਨਤ ਕੀਤਾ ਗਿਆ। ਹਲਕਾ ਇੰਚਾਰਜ ਖੁਰਾਣਾ ਅਤੇ ਚੰਦੀ ਨੇ ਕਾਰਪੋਰੇਸ਼ਨ ਚੋਣਾਂ ਵਿਚ ਸਹਿਯੋਗ ਲਈ ਸਮੂਹ ਵੋਟਰਾਂ ਅਤੇ ਸਪੋਰਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਨੇ ਭਰੋਸਾ ਦਿੱਤਾ ਕਿ ਵਾਰਡ ਕੌਂਸਲਰ ਪ੍ਰਿਤਪਾਲ ਸਿੰਘ ਮੰਗਾ ਵਾਰਡ ਦੀਆਂ ਸਮੱਸਿਆਵਾਂ ਨੂੰ ਦੂਰ ਕਰਦੇ ਹੋਏ ਵੋਟਰਾਂ ਨਾਲ ਕੀਤੇ ਆਪਣੇ ਸਾਰੇ ਵਾਅਦੇ ਪੂਰੇ ਕਰਨਗੇ। ਕੌਂਸਲਰ ਪ੍ਰਿਤਪਾਲ ਸਿੰਘ ਮੰਗਾ ਨੇ ਅਪਣੀ ਜਿੱਤ ਲਈ ਸ. ਰਣਜੀਤ ਸਿੰਘ ਖੁਰਾਣਾ ਅਤੇ ਜਥੇਦਾਰ ਗੁਰਮੁਖ ਸਿੰਘ ਦਾ ਧੰਨਵਾਦ ਕੀਤਾ ਤੇ ਕਿਹਾ ਕੇ ਇੰਨਾਂ ਤੋਂ ਬਗੈਰ ਮੇਰੀ ਜਿੱਤ ਅਸੰਭਵ ਸੀ। ਉਹਨਾਂ ਨੇ ਕਿਹਾ ਕੇ ਮੇਰੀ ਪਤਨੀ ਸਾਬਕਾ ਕੋਸਲਰ ਪ੍ਰਸਪਿੰਦਰ ਕੌਰ ਨੇ ਵੀ ਵਾਰਡ ਨੂੰ ਪਰਿਵਾਰ ਮੰਨ ਕੇ ਵਾਰਡ ਦੇ ਵਿਕਾਸ ਦੇ ਕੰਮ ਕਰਵਾਏ ਸਨ। ਇਸ ਮੌਕੇ ਹਰਵਿੰਦਰ ਸਿੰਘ ਵਾਲੀਆਂ ਸਾਬਕਾ ਕੌਂਸਲਰ ਸਰਬਜੀਤ ਕੌਰ, ਕੌਂਸਲਰ ਕੁਲਵਿੰਦਰ ਸਿੰਘ ਕਿੰਦਾ, ਸਾਬਕਾ ਕੌਂਸਲਰ ਸਰਬਜੀਤ ਕੌਰ, ਝਿਰਮਲ ਸਿੰਘ ਭਿੰਡਰ, ਸੁਖਵਿੰਦਰ ਸਿੰਘ ਕੰਬੋਜ, ਸੁਖਬੀਰ ਸਿੰਘ ਕਿੰਨੜਾ, ਗੁਰਦੀਪ ਸਿੰਘ ਖੇੜਾ, ਬਹਾਦਰ ਸਿੰਘ ਸੰਗਤਪੁਰ, ਬਲਵੰਤ ਸਿੰਘ ਬਿੱਲੂ, ਸਤਵਿੰਦਰ ਸਿੰਘ ਘੁੰਮਣ , ਹਰਪ੍ਰੀਤ ਸਿੰਘ ਸੋਨੂੰ, ਰਮਨ ਕੁਮਾਰ ਮੱਕੜ, ਤੇਜਸਵੀ ਭਾਰਦਵਾਜ, ਦਵਿੰਦਰ ਸਿੰਘ , ਸੁਖਜੀਵ ਕੁਮਾਰ, ਗੁਰਪ੍ਰੀਤ ਸਿੰਘ, ਆਦਿ ਤੋਂ ਇਲਾਵਾ ਹੋਰ ਪਾਰਟੀ ਆਗੂ, ਵਰਕਰ ਅਤੇ ਸੰਗਤਾਂ ਹਾਜਰ ਸਨ।

# ਸਿਹਤ ਵਿਭਾਗ ਵੱਲੋਂ ਸਕੂਲ ਹੈਲਥ ਪ੍ਰੋਗਰਾਮ ਦੇ ਤਹਿਤ ਚਾਰ ਰੋਜ਼ਾ ਟ੍ਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ



ਫ਼ਗਵਾੜਾ 20 ਜਨਵਰੀ (ਸੁਸ਼ੀਲ ਸ਼ਰਮਾ) ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਸਿਵਲ ਸਰਜਨ ਡਾ.ਕਿਰਨਦੀਪ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਜਿਲਾ ਟੀਕਾਕਰਨ ਅਫਸਰ ਡਾਕਟਰ ਭਾਰਤੀ ਧਵਨ ਦੀ ਅਗਵਾਈ ਹੇਠ ਸਕੂਲ ਟੀਚਰ ਦੀ ਚਾਰ ਰੋਜ਼ਾ ਟ੍ਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਡਾ ਭਾਰਤੀ ਧਵਨ ਵੱਲੋਂ ਦੱਸਿਆ ਕਿ ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਕਿਸ਼ੋਰ ਅਵਸਥਾ ਵਿੱਚ ਬੱਚਿਆਂ ਦਾ ਸਿਹਤਮੰਦ ਵਿਕਾਸ,ਭਾਵਨਾਤਮਕ ਤੰਦਰੁਸਤੀ ਤੇ ਮਾਨਸਿਕ ਸਿਹਤ,ਪੋਸ਼ਣ ਸਿਹਤ ਤੇ ਸਵੱਛਤਾ,ਪ੍ਰਜਨਨ ਸਿਹਤ ਤੇ ਐਚ.ਆਈ.ਵੀ.ਦੀ ਰੋਕਥਾਮ, ਲਿੰਗ ਸਮਾਨਤਾ,ਪਰਸਪਰ ਸਬੰਧ, ਪਦਾਰਥਾਂ ਦੀ ਦੁਰਵਰਤੋਂ ਤੇ ਰੋਕਥਾਮ, ਕਦਰਾਂ ਕੀਮਤਾਂ ਤੇ ਜਿੰਮੇਵਾਰੀਆਂ,ਸਿਹਤਮੰਦ ਜੀਵਨ ਦਾ ਪ੍ਰਭਾਵ, ਹਿੰਸਾ ਤੇ ਸੱਟਾਂ ਵਿਰੁੱਧ ਸੁਰੱਖਿਆ,ਇੰਟਰਨੈਟ ਗੈਜਟ ਤੇ ਮੀਡੀਆ ਦੀ ਸੁਰੱਖਿਅਤ ਵਰਤੋਂ ਆਦਿ ਬਾਰੇ ਬੜੇ ਹੀ ਵਿਸਥਾਰ ਨਾਲ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਜਿਸ ਦਾ ਮੁੱਖ ਉਦੇਸ਼ ਕਿਸ਼ੋਰ ਅਵਸਥਾ ਵਿੱਚ ਬੱਚਿਆਂ ਦੀ ਸਿਹਤ ਸੰਭਾਲ ਪ੍ਰਤੀ ਉਹਨਾਂ ਨੂੰ ਜਾਗਰੂਕ ਕਰਨਾ ਤਾਂ ਜੋ ਬੱਚਿਆਂ ਦੀ ਕਿਸ਼ੋਰ ਅਵਸਥਾ ਵਿੱਚ ਚੰਗੀ ਸਿਹਤ ਸੰਭਾਲ ਨੂੰ ਯਕੀਨੀ ਬਣਾਇਆ ਜਾ ਸਕੇ।

ਇਸ ਮੌਕੇ ਤੇ ਸਕੂਲ ਹੈਲਥ ਨੋਡਲ ਅਫਸਰ ਡਾ ਸੁਨੀਤ ਗੁਰਮ ਗੁਪਤਾ,ਡਾ.ਅੰਜੂ ਅਤੇ ਮੈਡਮ ਰੋਹਿਨੀ ਵੱਲੋਂ ਸਮੂਹ ਟੀਚਰਾਂ ਨੂੰ ਬੜੇ ਵਿਸਤਾਰ ਨਾਲ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਤੇ ਜਿਲਾ ਐਮ.ਈ.ਆਈ.ਓ.ਅਮਰਦੀਪ ਸਿੰਘ, ਡਾ ਰਾਘਵ ਗੁਪਤਾ, ਸਕੂਲ ਹੈਲਥ ਕੋਆਰਡੀਨੇਟਰ ਲਵਪ੍ਰੀਤ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।

# ਪੰਜਾਬ ਦੀ ਰਾਜਨੀਤੀ ਲਈ ਅਹਿਮ ਹੋਵੇਗੀ ਜਲੰਧਰ ਦੀ ਵਿਸ਼ਾਲ ਰੈਲੀ-ਕੁਲਵੰਤ ਸਿੰਘ ਸੰਧੂ



ਫ਼ਗਵਾੜਾ 20 ਜਨਵਰੀ (ਸੁਸ਼ੀਲ ਸ਼ਰਮਾ) ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵਲੋਂ 25 ਫਰਵਰੀ ਨੂੰ ਜਲੰਧਰ ਵਿਖੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ,ਜਿਸ 'ਚ ਕਾਰਪੋਰਟਾਂ ਵਲੋਂ ਆਪਣੇ ਮੁਨਾਫ਼ੇ ਵਧਾਉਣ ਸਮੇਤ ਦੇਸ਼ ਦੇ ਸਾਧਨਾਂ 'ਤੇ ਕਬਜ਼ੇ ਕਰਨ ਵਾਲੀਆਂ ਨੀਤੀਆਂ ਦਾ ਪਰਦਾਫਾਸ਼ ਕੀਤਾ ਜਾਵੇਗਾ। ਇਹ ਸ਼ਬਦ ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਕੁਲਵੰਤ ਸਿੰਘ ਸੰਧੂ ਨੇ ਅੱਜ ਇਥੇ ਜ਼ਿਲ੍ਹਾ ਪੱਧਰੀ ਇੱਕ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਹੇ। ਉਨ੍ਹਾਂ ਅੱਗੇ ਕਿਹਾ ਕਿ ਭਾਰਤ ਬਹੁਰੰਗੀ ਦੇਸ਼ ਹੋਣ ਦੇ ਬਾਵਜੂਦ ਦੇਸ਼ ਦੇ ਹਾਕਮ ਇੱਕ ਬੋਲੀ, ਇੱਕ ਚੋਣ ਵਰਗੇ ਮੁੱਦੇ ਲਿਆ ਕੇ ਇੱਕ ਧਰਮ ਦਾ ਦੇਸ਼ ਬਣਾਉਣਾ ਚਾਹੁੰਦੇ ਹਨ ਅਤੇ ਬਾਕੀ ਘੱਟ ਗਿਣਤੀਆਂ ਨੂੰ ਦੇਸ਼ 'ਚੋਂ ਬਾਹਰ ਕੱਢਣ ਦੀਆਂ ਸਾਜ਼ਿਸ਼ਾਂ ਗੁੰਦ ਰਹੇ ਹਨ। ਦੇਸ਼ ਦੇ ਹਾਕਮ ਲੋਕਾਂ ਦੇ ਮੁੱਦੇ ਭੁਲ ਕੇ ਹਰ ਗੱਲ ਨੂੰ ਹਿੰਦੂ ਮੁਸਲਮ ਦੇ ਰੰਗ 'ਚ ਰੰਗ ਕੇ ਪੇਸ਼ ਕਰ ਰਹੇ ਹਨ। ਸੰਧੂ ਨੇ ਕਿਹਾ ਕਿ ਚੰਡੀਗੜ੍ਹ ਪੰਜਾਬ ਨੂੰ ਦੇਣ, ਯੂਨੀਵਰਸਿਟੀਆਂ ਦਾ ਕੇਂਦਰੀਕਰਨ ਅਤੇ ਰਾਜਾਂ ਦੇ ਵੱਧ ਅਧਿਕਾਰਾਂ ਦੇ ਮੁੱਦੇ ਤੇ ਸਿਆਸੀ ਪਾਰਟੀਆਂ ਚੁੱਪ ਬੈਠੀਆਂ ਹਨ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਮ ਲੋਕ ਰੈਲੀ 'ਚ ਸ਼ਾਮਲ ਹੋ ਕੇ ਪੰਜਾਬ ਦੇ ਆਵਾਜ਼ ਬਣਨ। ਜ਼ਿਲ੍ਹਾ ਪੱਧਰੀ ਇਸ ਮੀਟਿੰਗ ਦੀ ਪ੍ਰਧਾਨਗੀ ਦਰਸ਼ਨ ਨਾਹਰ ਨੇ ਕੀਤੀ, ਜਿਸ ਦੌਰਾਨ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ ਨੇ ਰੈਲੀ ਲਈ ਕੋਟਾ ਵੰਡ ਕੀਤੀ। ਡਾ. ਸਰਬਜੀਤ ਮੁਠੱਡਾ ਨੇ ਪਾਰਟੀ ਦੇ ਹਿਸਾਬ ਕਿਤਾਬ ਦੀ ਰੂਪ ਰੇਖਾ ਪੇਸ਼ ਕੀਤੀ। ਇਸ ਮੌਕੇ ਪਾਰਟੀ ਦੇ ਸੂਬਾ ਕਮੇਟੀ ਮੈਂਬਰਾਂ ਪਰਮਜੀਤ ਰੰਧਾਵਾ,ਸੰਤੋਖ ਸਿੰਘ ਬਿਲਗਾ, ਮਨੋਹਰ ਗਿੱਲ,ਰਾਮ ਸਿੰਘ ਕੈਮਵਾਲਾ,ਸ਼ਿਵ ਤਿਵਾੜੀ ਤੋਂ ਇਲਾਵਾ ਤਹਿਸੀਲ ਜਲੰਧਰ ਦੇ ਸਕੱਤਰ ਬਲਦੇਵ ਸਿੰਘ ਨੂਰਪੁਰੀ, ਸ਼ਾਹਕੋਟ ਦੇ ਸਕੱਤਰ ਨਿਰਮਲ ਮਲਸੀਆਂ ਵੀ ਹਾਜ਼ਰ ਸਨ।

# ਬੈਕਫਿੰਕੋ ਵਲੋਂ 24 ਜਨਵਰੀ ਨੂੰ ਰੋਸੀਆਨਾ ਪਿੰਡ ਚ ਜਾਗਰੂਕਤਾ ਕੈਂਪ ਦਾ ਆਯੋਜਨ



ਲੁਧਿਆਣਾ, 20 ਜਨਵਰੀ(ਸੁਖਚੈਨ ਮਹਿਰਾ) - ਭਲਾਈ ਸਕੀਮਾਂ ਦੇ ਲਾਭ ਪਛੜੇ ਅਤੇ ਸਮਾਜ ਦੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ ਵੱਧ ਤੋਂ ਵੱਧ ਲੋੜਵੰਦ ਲੋਕਾਂ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ, ਪੰਜਾਬ ਪੱਛੜੀਆਂ ਸ਼੍ਰੇਣੀਆਂ ਭੂਮੀ ਵਿਕਾਸ ਅਤੇ ਵਿੱਤ ਨਿਗਮ (ਬੈਕਫਿੰਕੋ) ਵਲੋਂ 24 ਜਨਵਰੀ ਨੂੰ ਰੋਸੀਆਨਾ ਪਿੰਡ ਵਿੱਚ ਇੱਕ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਚੇਅਰਮੈਨ ਸੰਦੀਪ ਸੈਣੀ ਅਤੇ ਕਾਰਜਕਾਰੀ ਨਿਰਦੇਸ਼ਕ ਸੰਦੀਪ ਹੰਸ ਦੇ ਨਿਰਦੇਸ਼ਾਂ ਤੇ, ਰਾਸ਼ਟਰੀ ਘੱਟ ਗਿਣਤੀ ਵਿਕਾਸ ਅਤੇ ਵਿੱਤ ਨਿਗਮ ਦੇ ਸਹਿਯੋਗ ਨਾਲ ਲਗਾਇਆ ਜਾਣ ਵਾਲਾ ਇਹ ਕੈਂਪ, ਪਛੜੇ ਵਰਗਾਂ, ਘੱਟ ਗਿਣਤੀ ਸਮੂਹਾਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਵੱਖ-ਵੱਖ ਕਰਜ਼ਾ ਯੋਜਨਾਵਾਂ ਤੇ ਮੁੱਖ ਧਿਆਨ ਕੇਂਦਰਿਤ ਕਰੇਗਾ।

# ਸੀਨੀਅਰ ਡਿਪਟੀ ਮੇਅਰ ਨੂੰ ਕੀਤਾ ਸਨਮਾਨਿਤ



ਲੁਧਿਆਣਾ,20 ਫਰਵਰੀ (ਨਰੇਸ਼ ਹੰਸ) ਨਗਰ ਨਿਗਮ ਲੁਧਿਆਣਾ ਦੇ ਸੀਨੀਅਰ ਡਿਪਟੀ ਮੇਅਰ ਰਕੇਸ਼ ਪਰਾਸ਼ਰ ਵੱਲੋਂ ਅਹੁਦਾ ਸੰਭਾਲਣ ਮੌਕੇ ਤੇ ਉਹਨਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨਿਤ ਕਰਦੇ ਹੋਏ ਸ਼ਹਿਰ ਦੇ ਪਰਮੁੱਖ ਸਮਾਜ ਸੇਵੀ ਅਤੇ ਭਾਈ ਮੰਨਾ ਸਿੰਘ ਨਗਰ ਦੇ ਪ੍ਰਧਾਨ ਜਸਪਾਲ ਸਿੰਘ ਢੱਲ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਆਈ.ਐੱਚ.ਐੱਮ ਗੁਰਦਾਸਪੁਰ ਵਿੱਚ 12 ਵੀਂ ਪਾਸ ਵਿਦਿਆਰਥੀਆਂ ਲਈ ਤਿੰਨ ਸਾਲਾ ਬੀ.ਐੱਸ.ਸੀ. (ਐੱਚ.ਐੱਚ.ਏ.) ਲਈ ਦਾਖ਼ਲਾ ਸ਼ੁਰੂ

ਗੁਰਦਾਸਪੁਰ- ਨਵਨੀਤ ਕੁਮਾਰ -
ਪੰਜਾਬ ਦੀ ਨੰਬਰ ਇੱਕ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟ੍ਰੀਸ਼ਨ, ਬਰਿਆਰ (ਗੁਰਦਾਸਪੁਰ) ਵਿੱਚ 12 ਵੀਂ ਪਾਸ ਵਿਦਿਆਰਥੀਆਂ ਲਈ ਤਿੰਨ ਸਾਲਾ ਬੀ.ਐੱਸ.ਸੀ. (ਐੱਚ.ਐੱਚ.ਏ) ਲਈ ਦਾਖ਼ਲਾ ਸ਼ੁਰੂ ਹੋ ਗਿਆ ਹੈ। ਇਸ ਦਾਖ਼ਲੇ ਲਈ ਸਾਂਝੀ ਦਾਖ਼ਲਾ ਪ੍ਰੀਖਿਆ ਨੈਸ਼ਨਲ ਟੈਸਟਿੰਗ ਏਜੰਸੀ (ਐੱਨ.ਟੀ.ਏ.) ਵੱਲੋਂ ਨੈਸ਼ਨਲ ਕਾਊਂਸਿਲ ਫ਼ਾਰ ਹੋਟਲ ਮੈਨੇਜਮੈਂਟ ਜਾਇੰਟ ਐਂਟਰੈਂਸ ਇਗਜ਼ਾਮੀਨੇਸ਼ਨ ਪ੍ਰੋਗਰਾਮ ਤਹਿਤ ਲਿਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟ੍ਰੀਸ਼ਨ, ਬਰਿਆਰ (ਗੁਰਦਾਸਪੁਰ) ਦੇ ਪ੍ਰਿੰਸੀਪਲ ਸ੍ਰੀ ਅਸ਼ਵਨੀ ਕਾਚਰੂ ਨੇ ਦੱਸਿਆ ਕਿ ਦਾਖਲਾ ਲੈਣ ਦੇ ਚਾਹਵਾਨ ਵਿਦਿਆਰਥੀ ਸਾਂਝੀ ਦਾਖਲਾ ਪ੍ਰੀਖਿਆ ਲਈ 15 ਫਰਵਰੀ 2025 ਸ਼ਾਮ 05:00 ਵਜੇ ਤੱਕ ਆਨ-ਲਾਈਨ ਅਪਲਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ 15 ਫਰਵਰੀ 20 25 ਤੱਕ ਟੈੱਸਟ ਦੀ ਦਾਖ਼ਲਾ ਫ਼ੀਸ ਜਮ੍ਹਾਂ ਕਰਵਾਈ ਜਾ ਸਕੇਗੀ । ਉਨ੍ਹਾਂ ਦੱਸਿਆ ਕਿ ਦਾਖ਼ਲਾ ਪ੍ਰੀਖਿਆ 27 ਅਪ੍ਰੈਲ 2025 (ਦਿਨ ਐਤਵਾਰ) ਨੂੰ ਹੋਵੇਗੀ। ਸ੍ਰੀ ਅਸ਼ਵਨੀ ਕਾਚਰੂ ਨੇ ਦੱਸਿਆ ਕਿ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟ੍ਰੀਸ਼ਨ, ਗੁਰਦਾਸਪੁਰ, ਨੈਸ਼ਨਲ ਕੌਂਸਲ ਫ਼ਾਰ ਹੋਟਲ ਮੈਨੇਜਮੈਂਟ ਐਂਡ ਕੇਟਰਿੰਗ ਟੈਕਨੌਲੋਜੀ ਨੋਇਡਾ ਵੱਲੋਂ ਮਾਨਤਾ ਪ੍ਰਾਪਤ ਹੈ ਅਤੇ ਇੱਥੇ ਤਿੰਨ ਸਾਲਾ ਬੀ.ਐੱਸ.ਸੀ. ਹੋਸਪਟੈਲਟੀ ਐਂਡ ਹੋਟਲ ਐਡਮਨਿਸਟ੍ਰੇਸ਼ਨ (ਐੱਚ.ਐੱਚ.ਏ) ਦੀ ਡਿਗਰੀ ਕਰਵਾਈ ਜਾਂਦੀ ਹੈ। ਇਹ ਡਿਗਰੀ ਨੈਸ਼ਨਲ ਕੌਂਸਲ ਫ਼ਾਰ ਹੋਟਲ ਮੈਨੇਜਮੈਂਟ ਐਂਡ ਕੇਟਰਿੰਗ ਟੈਕਨਾਲੋਜੀ, ਨੋਇਡਾ ਅਤੇ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਕੋਲੋਂ ਵੀ ਮਾਨਤਾ ਪ੍ਰਾਪਤ ਹੈ। ਉਨ੍ਹਾਂ ਦੱਸਿਆ ਕਿ ਇਸ ਡਿਗਰੀ ਦੇ ਪਹਿਲੇ ਸਾਲ ਲਈ ਦਾਖ਼ਲਾ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬੀ.ਐੱਸ.ਸੀ. (ਐੱਚ.ਐੱਚ.ਏ) ਦੇ ਪਹਿਲੇ ਸਾਲ ਦੇ ਦਾਖ਼ਲੇ ਲਈ ਚਾਹਵਾਨ ਵਿਦਿਆਰਥੀ 12ਵੀਂ ਜਮਾਤ ਪਾਸ ਤੇ ਅੰਗਰੇਜ਼ੀ ਲਾਜ਼ਮੀ ਵਿਸ਼ੇ ਵਜੋਂ ਪਾਸ ਹੋਣੀ ਜ਼ਰੂਰੀ ਹੈ। ਉਮਰ ਦੀ ਕੋਈ ਸੀਮਾ ਨਹੀਂ ਹੈ। ਸ੍ਰੀ ਅਸ਼ਵਨੀ ਕਾਚਰੂ ਨੇ ਕਿਹਾ ਕਿ ਦਾਖ਼ਲੇ ਦੇ ਚਾਹਵਾਨ ਵਿਦਿਆਰਥੀ 15 ਫਰਵਰੀ 2025 ਸ਼ਾਮ 05:00 ਵਜੇ ਤੱਕ ਵੈੱਬ-ਸਾਈਟ www.nta.ac.in ਉੱਪਰ ਆਨ ਲਾਈਨ ਅਪਲਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਦਾਖ਼ਲਾ ਪ੍ਰੀਖਿਆ 27 ਅਪ੍ਰੈਲ 2025 (ਦਿਨ ਐਤਵਾਰ) ਨੂੰ ਹੋਵੇਗੀ। ਉਨ੍ਹਾਂ ਕਿਹਾ ਕਿ ਦਾਖ਼ਲੇ ਲਈ ਵਧੇਰੇ ਜਾਣਕਾਰੀ ਲਈ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟ੍ਰੀਸ਼ਨ, ਬਰਿਆਰ (ਗੁਰਦਾਸਪੁਰ) ਦੇ ਸੰਪਰਕ ਨੰਬਰ 01874-222501, 98888-25351, 9915532143, 8727800636, 7717417370, 9465875965 ਤੇ ਸੰਪਰਕ ਕੀਤਾ ਜਾ ਸਕਦਾ ਹੈ।ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ ਕੈਟਰਿੰਗ ਐਂਡ ਨਿਊਟ੍ਰੀਸ਼ਨ, ਬਰਿਆਰ ਦੇ ਕਾਰਜਕਾਰੀ ਪ੍ਰਿੰਸੀਪਲ ਸ੍ਰੀ ਅਸ਼ਵਨੀ ਕਾਚਰੂ ਨੇ ਕਿਹਾ ਕਿ ਹੋਟਲ ਇੰਡਸਟਰੀ ਵਿੱਚ ਬੀ.ਐੱਸ.ਸੀ. (ਐੱਚ.ਐੱਚ.ਏ) ਪਾਸ ਉਮੀਦਵਾਰਾਂ ਦੀ ਬਹੁਤ ਮੰਗ ਹੈ ਅਤੇ ਇਸ ਡਿਗਰੀ ਨੂੰ ਕਰਕੇ ਨੌਜਵਾਨ ਹੋਟਲ ਇੰਡਸਟਰੀ ਵਿੱਚ ਆਪਣਾ ਭਵਿੱਖ ਉੱਜਵਲ ਬਣਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇੰਸਟੀਚਿਊਟ ਵਿੱਚ ਪੜ੍ਹ ਰਹੇ ਸਾਰੇ ਹੀ ਵਿਦਿਆਰਥੀਆਂ ਦੀ ਪਲੇਸਮੈਂਟ ਹੋ ਜਾਂਦੀ ਹੈ ਅਤੇ ਇੱਥੋਂ ਪੜ੍ਹ ਕੇ ਨੌਜਵਾਨ ਬਹੁਤ ਵਧੀਆ ਤਨਖ਼ਾਹਾਂ ਉੱਪਰ ਦੇਸ਼ਾਂ-ਵਿਦੇਸ਼ਾਂ ਵਿੱਚ ਨਾਮੀ ਹੋਟਲਾਂ ਵਿੱਚ ਨੌਕਰੀਆਂ ਕਰ ਰਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਆਪਣੇ ਬਿਹਤਰ ਭਵਿੱਖ ਲਈ ਬੀ.ਐੱਸ.ਸੀ. (ਐੱਚ.ਐੱਚ.ਏ) ਲਈ ਅਪਲਾਈ ਕਰਨ।




# ਦੀਨਾਨਗਰ ਚ ਆਪ' ਨੂੰ ਝੱਟਕਾ, ਕੋਠੇ ਮਜੀਠੀ ਦਾ ਸਾਬਕਾ ਸਰਪੰਚ ਇੱਕ ਦਰਜਨ ਪਰਿਵਾਰਾਂ ਸਮੇਤ ਕਾਂਗਰਸ 'ਚ ਸ਼ਾਮਲ



ਦੀਨਾਨਗਰ, 19 ਜਨਵਰੀ (ਡਾ ਰਮੇਸ਼ ਸਰੰਗਲ ) ਦੀਨਾਨਗਰ ਹਲਕੇ ਅੰਦਰ ਆਮ ਆਦਮੀ ਪਾਰਟੀ ਨੂੰ ਝੱਟਕਾ ਦਿੰਦਿਆਂ ਅੱਜ ਪਿੰਡ ਕੋਠੇ ਮਜੀਠੀ ਦੇ ਸਾਬਕਾ ਸਰਪੰਚ ਹਰਜਿੰਦਰ ਸਿੰਘ ਇੱਕ ਦਰਜਨ ਸਾਥੀਆਂ ਸਮੇਤ ਕਾਂਗਰਸ ਪਾਰਟੀ 'ਚ ਸ਼ਾਮਲ ਹੋ ਗਏ। ਇਨ੍ਹਾਂ ਆਗੂਆਂ ਨੂੰ ਪਰਿਵਾਰਾਂ ਸਮੇਤ ਕਾਂਗਰਸ 'ਚ ਸ਼ਾਮਲ ਕਰਦਿਆਂ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। 'ਆਪ' ਪਾਰਟੀ ਨੂੰ ਅਲਵਿਦਾ ਆਖਣ ਵਾਲੇ ਆਗੂਆਂ ਨੇ ਕਿਹਾ ਕਿ ਪਾਰਟੀ ਅੰਦਰ ਵਰਕਰਾਂ ਦੀ ਕਦਰ ਨਾ ਹੋਣ ਅਤੇ ਬਣਦਾ ਮਾਣ ਸਨਮਾਨ ਨਾ ਮਿਲਣ ਕਾਰਨ ਉਹ ਦੁੱਖੀ ਸਨ ਅਤੇ ਇਸੇ ਕਰਕੇ ਉਨ੍ਹਾਂ ਸੱਤਾਧਾਰੀ ਪਾਰਟੀ ਤੋਂ ਕਿਨਾਰਾ ਕੀਤਾ ਹੈ। ਦੂਜੇ ਪਾਸੇ ਵਿਧਾਇਕਾ ਅਰੁਣਾ ਚੌਧਰੀ ਦਾ ਕੰਮ ਅਤੇ ਨੀਤੀਆਂ ਬਹੁਤ ਵਧੀਆ ਹਨ ਅਤੇ ਲੋਕ ਉਨ੍ਹਾਂ ਦੁਆਰਾ ਪਿਛਲੇ ਪੰਜ ਸਾਲਾਂ 'ਚ ਕੀਤੇ ਵਿਕਾਸ ਕੰਮਾਂ ਨੂੰ ਅੱਜ ਵੀ ਯਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਅਸੀਂ ਮਹਿਸੂਸ ਕੀਤਾ ਹੈ ਕਿ ਵਿਧਾਇਕਾ ਅਰੁਣਾ ਚੌਧਰੀ ਵਰਗਾ ਲੀਡਰ ਇਸ ਹਲਕੇ ਅੰਦਰ ਹੋਰ ਕੋਈ ਨਹੀਂ ਹੈ ਅਤੇ ਇਸੇ ਕਰਕੇ ਲੋਕ ਹੁਣ ਦੁਬਾਰਾ ਉਨ੍ਹਾਂ ਨਾਲ ਜੁੜਨੇ ਸ਼ੁਰੂ ਹੋ ਗਏ ਹਨ। ਸਾਬਕਾ ਸਰਪੰਚ ਹਰਜਿੰਦਰ ਸਿੰਘ ਨੇ ਕਿਹਾ ਕਿ ਅਗਲੇ ਕੁਝ ਦਿਨਾਂ 'ਚ ਪਿੰਡ ਅੰਦਰ ਇੱਕ ਵੱਡਾ ਪ੍ਰੋਗਰਾਮ ਕਰਕੇ ਪਿੰਡ ਦੇ ਹੋਰਨਾਂ ਲੋਕਾਂ ਨੂੰ ਵੀ ਕਾਂਗਰਸ ਪਾਰਟੀ 'ਚ ਸ਼ਾਮਲ ਕਰਵਾਇਆ ਜਾਵੇਗਾ। ਇਸ ਦੌਰਾਨ ਵਿਧਾਇਕਾ ਅਰੁਣਾ ਚੌਧਰੀ ਨੇ ਭਰੋਸਾ ਦਿੱਤਾ ਕਿ ਕਾਂਗਰਸ ਪਾਰਟੀ 'ਚ ਸ਼ਾਮਲ ਹੋਏ ਤਮਾਮ ਆਗੂਆਂ ਤੇ ਵਰਕਰਾਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ।

ਇਸ ਮੌਕੇ ਕਾਂਗਰਸ ਜੁਆਇੰਨ ਕਰਨ ਵਾਲਿਆਂ 'ਚ ਬਹਾਦਰ ਸਿੰਘ, ਜੋਗਿੰਦਰ ਸਿੰਘ, ਬਲਕਾਰ ਸਿੰਘ, ਨਰਿੰਦਰ ਪਾਲ, ਸੁਦੇਸ਼ ਰਾਜ, ਬੂਟਾ ਰਾਮ, ਬਲਵਿੰਦਰ ਕੁਮਾਰ, ਜੋਗਿੰਦਰ ਪਾਲ, ਪ੍ਰੇਮ ਸਿੰਘ ਅਤੇ ਕੇਵਲ ਕ੍ਰਿਸ਼ਨ ਦੇ ਨਾਂ ਸ਼ਾਮਲ ਹਨ। ਇਸ ਮੌਕੇ ਦੀਨਾਨਗਰ ਦੇ ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੱਟੀ ਅਤੇ ਰਮੇਸ਼ ਕਲੋਤਰਾ ਵੀ ਹਾਜ਼ਰ ਸਨ।

# ਇਕੱਠੇ ਰਹਿਣ ਅਤੇ ਮਰਨ ਦੀ ਸਹੁੰ ਖਾਣ ਵਾਲੇ ਪ੍ਰੇਮੀ ਜੋੜੇ ਨੇ ਅਜਿਹਾ ਹੀ ਕੀਤਾ ਅਤੇ ਜ਼ਹਿਰ ਖਾ ਕੇ ਮੌਤ ਹੋ ਗਈ।



ਕਾਨਪੁਰ: (ਸੁਨੀਲ ਬਾਜਪਾਈ ) ਇਕੱਠੇ ਰਹਿਣ-ਮਰਨ ਦੀ ਸਹੁੰ ਖਾ ਕੇ ਪਰਿਵਾਰ ਦੀ ਮਰਜ਼ੀ ਦੇ ਖ਼ਿਲਾਫ਼ ਲਵ ਮੈਰਿਜ ਕੀਤਾ।

ਨਵ-ਵਿਆਹੇ ਜੋੜੇ ਨੇ ਅਜਿਹਾ ਕਰਕੇ ਇਹ ਸਾਬਤ ਕਰ ਦਿੱਤਾ। ਅੱਜ ਸੋਮਵਾਰ ਨੂੰ ਦੋਵਾਂ ਨੇ ਜ਼ਹਿਰ ਖਾ ਕੇ ਖੁਦਕੁਸ਼ੀ ਕਰ ਲਈ। ਦੋਵਾਂ ਨੇ 5 ਸਾਲ ਪਹਿਲਾਂ ਪਰਿਵਾਰ ਦੀ ਮਰਜ਼ੀ ਦੇ ਖਿਲਾਫ ਪ੍ਰੇਮ ਵਿਆਹ ਕਰਵਾਇਆ ਸੀ।

ਇਹ ਘਟਨਾ ਪੰਕੀ ਥਾਣਾ ਖੇਤਰ ਦੇ ਪਤਰਸਾ ਪਿੰਡ ਦੀ ਹੈ। ਆਵਾਸ ਵਿਕਾਸ ਹੰਸਾਪੁਰਮ ਨੌਬਸਤਾ ਦੇ ਰਹਿਣ ਵਾਲੇ ਸਲੋਨੀ ਸਚਾਨ ਅਤੇ ਅਲਕੇਸ਼ ਸਚਾਨ ਨੇ ਪਰਿਵਾਰ ਦੇ ਖਿਲਾਫ ਪ੍ਰੇਮ ਵਿਆਹ ਕਰਵਾ ਲਿਆ ਸੀ। ਪੁਲਸ ਨੇ ਦੱਸਿਆ ਕਿ ਵਿਆਹ ਤੋਂ ਬਾਅਦ ਦੋਵੇਂ ਪਰਿਵਾਰ ਤੋਂ ਇਲਾਵਾ ਪੰਕੀ ਦੇ ਪਤਰਸਾ ਚ ਕਿਰਾਏ ਦੇ ਮਕਾਨ ਚ ਰਹਿੰਦੇ ਸਨ।

ਜ਼ਹਿਰ ਨਿਗਲਣ ਦੀ ਇਸ ਘਟਨਾ ਤੋਂ ਪਹਿਲਾਂ ਦੋਵੇਂ ਕਾਫੀ ਸਮੇਂ ਤੋਂ ਆਪਣੀ ਜ਼ਮੀਨ ਨੂੰ ਲੈ ਕੇ ਲੜ ਰਹੇ ਸਨ। ਰੌਲਾ ਸੁਣ ਕੇ ਆਸਪਾਸ ਦੇ ਲੋਕ ਘਰ ਪਹੁੰਚ ਗਏ। ਉਸ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕੀਤਾ। ਦੋਵਾਂ ਨੂੰ ਐਂਬੂਲੈਂਸ ਰਾਹੀਂ ਹਸਪਤਾਲ ਦਾਖਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਦੋਵਾਂ ਦੀ ਮੌਤ ਹੋ ਗਈ। ਜਿਸ ਤੋਂ ਬਾਅਦ ਪੁਲਸ ਨੇ ਪਰਿਵਾਰਕ ਮੈਂਬਰਾਂ ਨੂੰ ਘਟਨਾ ਦੀ ਸੂਚਨਾ ਦਿੱਤੀ। ਉਸ ਅਨੁਸਾਰ ਦੋਵਾਂ ਦਾ 5 ਸਾਲ ਪਹਿਲਾਂ ਪਰਿਵਾਰ ਨਾਲ ਝਗੜਾ ਕਰਕੇ ਵਿਆਹ ਹੋਇਆ ਸੀ। ਫਿਲਹਾਲ ਪੁਲਸ ਦੋਵੇਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਰਹੀ ਹੈ ਅਤੇ ਘਟਨਾ ਦੇ ਕਾਰਨਾਂ ਦਾ ਪਤਾ ਲਗਾਉਣ ਦੀ ਕੋਸ਼ਿਸ਼ ਵੀ ਕਰ ਰਹੀ ਹੈ।

# ਬਾਪੂ, ਅੰਬੇਡਕਰ 'ਤੇ ਸੰਵਿਧਾਨ ਦਾ ਅਪਮਾਨ ਨਹੀਂ ਸਹੇਗਾ ਹਿੰਦੁਸਤਾਨ - ਧਾਲੀਵਾਲ






ਫਗਵਾੜਾ 20 ਜਨਵਰੀ ( ਸੁਸ਼ੀਲ ਸ਼ਰਮਾ ) ਕਾਂਗਰਸ ਪਾਰਟੀ ਵਲੋਂ ਅੱਜ ਕੇਂਦਰੀ ਦੀ ਨਰਿੰਦਰ ਮੋਦੀ ਸਰਕਾਰ ਅਤੇ ਭਾਜਪਾ ਦੇ ਖਿਲਾਫ ਫਗਵਾੜਾ ਦੀਆਂ ਸੜਕਾਂ 'ਤੇ ਰੋਸ ਮਾਰਚ ਕੱਢਿਆ ਗਿਆ। ਇਹ ਰੋਸ ਮੁਜਾਹਰਾ ਜਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਵਿਧਾਇਕ ਫਗਵਾੜਾ ਦੀ ਅਗਵਾਈ ਹੇਠ ਰੈਸਟ ਹਾਉਸ ਸਥਿਤ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਬੁੱਤ ਤੋਂ ਸ਼ੁਰੂ ਹੋਇਆ ਅਤੇ ਸਥਾਨਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਸਥਿਤ ਅੰਬੇਡਕਰ ਪਾਰਰ ਵਿਖੇ ਸਥਾਪਤ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਅੰਬੇਡਕਰ ਦੇ ਬੁੱਤ 'ਤੇ ਫੁੱਲਮਾਲਾਵਾਂ ਭੇਂਟ ਕਰਦਿਆਂ ਸਮਾਪਤ ਕੀਤਾ ਗਿਆ। ਇਸ ਮੌਕੇ ਵਿਧਾਇਕ ਧਾਲੀਵਾਲ ਨੇ ਦੱਸਿਆ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਲੋਂ ਸੰਸਦ ਵਿਚ ਬਾਬਾ ਸਾਹਿਬ ਡਾ. ਅੰਬੇਡਕਰ ਦੇ ਖਿਲਾਫ ਕੀਤੀ ਗਈ ਇਤਰਾਜਯੋਗ ਟਿੱਪਣੀ ਨੂੰ ਲੈ ਕੇ ਕਾਂਗਰਸ ਪਾਰਟੀ ਦਾ ਰਾਸ਼ਟਰ ਪੱਧਰੀ ਵਿਰੋਧ ਲਗਾਤਾਰ ਜਾਰੀ ਹੈ। ਇਹ ਵਿਰੋਧ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਕਰਕੇ ਕੁੱਝ ਸਮੇਂ ਲਈ ਸਥਗਿਤ ਕਰ ਦਿੱਤਾ ਗਿਆ ਸੀ ਅਤੇ ਹੁਣ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮਾਫੀ ਤੇ ਅਸਤੀਫੇ ਤੱਕ ਜਾਰੀ ਰਹੇਗਾ। ਉਹਨਾਂ ਕਿਹਾ ਕਿ ਭਾਜਪਾ ਦੇ ਮੰਤਰੀ ਅਤੇ ਆਗੂ ਲਗਾਤਾਰ ਬਾਪੂ ਗਾਂਧੀ ਅਤੇ ਡਾ. ਅੰਬੇਡਕਰ ਦਾ ਅਪਮਾਨ ਕਰ ਰਹੇ ਹਨ। ਭਾਜਪਾ ਦੀ ਨੀਯਤ ਦੇਸ਼ ਦੇ ਸੰਵਿਧਾਨ ਨੂੰ ਬਦਲਣ ਦੀ ਹੈ ਪਰ ਕਾਂਗਰਸ ਕਦੇ ਵੀ ਅਜਿਹਾ ਨਹੀਂ ਹੋਣ ਦੇਵੇਗੀ। ਇਸ ਸਮੇਂ ਦੇਸ਼ ਵਿਚ ਸੰਵਿਧਾਨ ਨੂੰ ਬਚਾਉਣ ਦੀ ਬਹੁਤ ਜਿਆਦਾ ਲੋੜ ਹੈ। ਜਿਸ ਦੇ ਲਈ ਕਾਂਗਰਸ ਪਾਰਟੀ ਸਾਬਕਾ ਕੌਮੀ ਪ੍ਰਧਾਨ ਰਾਹੁਲ ਗਾਂਧੀ ਅਤੇ ਮੌਜੂਦਾ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਅਗਵਾਈ ਹੇਠ ਲਗਾਤਾਰ ਯਤਨਸ਼ੀਲ ਹੈ। ਇਸ ਮੌਕੇ ਕਾਂਗਰਸ ਪਾਰਟੀ ਦੇ ਸਮੂਹ ਚੇਅਰਮੈਨ, ਸਾਬਕਾ ਚੇਅਰਮੈਨ, ਨਗਰ ਕੌਂਸਲਰ, ਸਾਬਕਾ ਕੌਂਸਲਰ, ਪਿੰਡਾਂ ਦੇ ਸਰਪੰਚ, ਪੰਚ, ਵੱਖ-ਵੱਖ ਸੈੱਲਾਂ ਦੇ ਪ੍ਰਧਾਨ ਅਤੇ ਮਹਿਲਾ ਕਾਂਗਰਸ ਆਗੂ, ਹੋਰ ਅਹੁਦੇਦਾਰ ਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਕਪੂਰਥਲਾ ਪੁਲਿਸ ਵੱਲੋਂ ਤੁਰੰਤ ਕਾਰਵਾਈ, ਕਸ਼ਮੀਰੀ ਸ਼ਾਲ ਵਿਕਰੇਤਾਵਾਂ ਤੇ ਹਮਲੇ ਦੇ ਦੋਸ਼ੀਆਂ ਨੂੰ 12 ਘੰਟਿਆਂ ਦੇ ਅੰਦਰ ਕਾਬੂ ਕੀਤਾ



ਫ਼ਗਵਾੜਾ-ਕਪੂਰਥਲਾ 20 ਜਨਵਰੀ (ਸੁਸ਼ੀਲ ਸ਼ਰਮਾ) ਸੀਨੀਅਰ ਪੁਲਿਸ ਕਪਤਾਨ ਕਪੂਰਥਲਾ, ਸ਼੍ਰੀ ਗੌਰਵ ਤੂਰਾ (IPS) ਦੇ ਮਾਰਗਦਰਸ਼ਨ ਵਿੱਚ ਜ਼ਿਲੇ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਦੇ ਖਿਲਾਫ ਵਿਸ਼ੇਸ਼ ਅਭਿਆਨ ਚੱਲਾਇਆ ਜਾ ਰਿਹਾ ਹੈ। ਇਸੇ ਮੁਹਿੰਮ ਦੇ ਮੱਦੇਨਜ਼ਰ ਕਪੂਰਥਲਾ ਪੁਲਿਸ ਨੇ ਕਸ਼ਮੀਰੀ ਸ਼ਾਲ ਵਿਕਰੇਤਾ ਮੋਹੰਮਦ ਸਾਫੀ ਖੋਜਾ S/o ਮੰਗਤਾ ਖੋਜਾ, R/o ਦਰਦਪੁਰਾ,ਥਾਣਾ ਕਰਾਲਪੁਰ,ਜ਼ਿਲ੍ਹਾ ਕੁਪਵਾਰਾ (ਹਾਲਵਾਸੀ-ਮੋਹੱਲਾ ਖੁਰੰਪਟੀ,ਥਾਣਾ ਸ਼ਾਹਕੋਟ,ਜਲੰਧਰ) ਨਾਲ ਹੋਏ ਹਮਲੇ ਅਤੇ ਲੁੱਟ ਦੇ ਮਾਮਲੇ ਵਿੱਚ ਕਾਰਵਾਈ ਤੁਰੰਤ ਕਰਦਿਆਂ ਦੋਸ਼ੀਆਂ ਨੂੰ ਕੇਵਲ 12 ਘੰਟਿਆਂ ਵਿੱਚ ਕਾਬੂ ਕੀਤਾ ।

ਥਾਣਾ ਸੁਲਤਾਨਪੁਰ ਲੋਧੀ ਦੁਆਰਾ FIR ਦਰਜ ਕਰਕੇ, ਦੋਸ਼ੀ ਰਾਜਕਰਨ ਸਿੰਘ S/o ਸਰਬਜੀਤ ਸਿੰਘ R/o ਦੰਦੂਪੁਰ, ਥਾਣਾ ਤਲਵੰਡੀ ਚੌਧਰੀਆਂ,ਜ਼ਿਲ੍ਹਾ ਕਪੂਰਥਲਾ ਨੂੰ ਗ੍ਰਿਫ਼ਤਾਰ ਕਰ ਲਿਆ।

ਗ੍ਰਿਫ਼ਤਾਰੀ ਅਤੇ ਬਰਾਮਦਗੀ:--

ਗ੍ਰਿਫ਼ਤਾਰ ਦੋਸ਼ੀ-ਰਾਜਕਰਨ ਸਿੰਘ S/o ਸਰਬਜੀਤ ਸਿੰਘ R/o ਦੰਦੂਪੁਰ, ਥਾਣਾ ਤਲਵੰਡੀ ਚੌਧਰੀਆਂ,ਜ਼ਿਲ੍ਹਾ ਕਪੂਰਥਲਾ

ਬਰਾਮਦਗੀ: ਇੱਕ ਸਪਲੈਂਡਰ ਮੋਟਰਸਾਈਕਲ (ਬਿਨਾਂ ਨੰਬਰ ਵਾਲੀ)

SSP ਕਪੂਰਥਲਾ, ਸ਼੍ਰੀ ਗੌਰਵ ਤੂਰਾ,(IPS) ਨੇ ਪੂਰੇ ਮਾਮਲੇ ਅਤੇ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਦਿਤੀ। ਉਨ੍ਹਾਂ ਕਿਹਾ ਕਿ ਪੁਲਿਸ ਲੋਕਾਂ ਦੀ ਸੁਰੱਖਿਆ ਲਈ ਵਚਨਬੱਧ ਹੈ ਅਤੇ ਉਨ੍ਹਾਂ ਨੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਮਾੜੇ-ਅਨਸਰਾਂ ਬਾਰੇ 112 ਹੈਲਪਲਾਈਨ ਤੇ ਸੂਚਨਾ ਦੇਣ।

# ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਨੇ ਗੁਰਦਾਸਪੁਰ ਦੀਆਂ ਹੋਣਹਾਰ ਧੀਆਂ ਦੀਆਂ ਫ਼ੋਟੋਆਂ ਪਿੰਕ ਵਾਲ ਆਫ਼ ਫੇਮ ਉੱਪਰ ਲਗਾਈਆਂ

ਗੁਰਦਾਸਪੁਰ-ਨਵਨੀਤ ਕੁਮਾਰ -
ਬੇਟੀ ਬਚਾਓ, ਬੇਟੀ ਪੜ੍ਹਾਓ, ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਨੇ ਇੱਕ ਨਵੀਂ ਪਹਿਲਕਦਮੀ ਕਰਦਿਆਂ ਵੱਖ-ਵੱਖ ਖੇਤਰਾਂ ਵਿੱਚ ਮੱਲ੍ਹਾਂ ਮਾਰਨ ਵਾਲੀਆਂ ਜ਼ਿਲ੍ਹੇ ਦੀਆਂ ਧੀਆਂ ਦੀਆਂ ਤਸਵੀਰਾਂ ਪਿੰਕ ਵਾਲ ਆਫ਼ ਫੇਮ ਉੱਪਰ ਲਗਾਈਆਂ ਹਨ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਸਥਾਪਤ ਕੀਤੀ ਗਈ ਇਸ ਪਿੰਕ ਵਾਲ ਆਫ਼ ਫੇਮ ਦਾ ਉਦਘਾਟਨ ਅੱਜ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ, ਐੱਸ.ਡੀ.ਐੱਮ. ਗੁਰਦਾਸਪੁਰ ਸ੍ਰੀ ਮਨਜੀਤ ਸਿੰਘ ਰਾਜਲਾ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਜਸਮੀਤ ਕੌਰ, ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਸ੍ਰੀ ਜਗਵਿੰਦਰ ਸਿੰਘ, ਪ੍ਰੋ. ਰਾਜ ਕੁਮਾਰ ਸ਼ਰਮਾ, ਸ੍ਰੀ ਸਰਵਨ ਸਿੰਘ, ਡਾਇਰੈਕਟਰ, ਸੇਂਟ ਵਾਰੀਅਰਜ਼ ਸਕੂਲ ਕਾਦੀਆਂ ਵੀ ਮੌਜੂਦ ਸਨ। ਪਿੰਕ ਵਾਲ ਆਫ਼ ਫੇਮ ਦਾ ਉਦਘਾਟਨ ਕਰਨ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਤਹਿਤ ਜ਼ਿਲ੍ਹਾ ਵਾਸੀਆਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਕਿ ਉਹ ਲਿੰਗ ਭੇਦ ਨਾ ਕਰਦੇ ਹੋਏ ਆਪਣੀਆਂ ਧੀਆਂ ਨੂੰ ਅੱਗੇ ਵਧਣ ਦੇ ਵੱਧ ਤੋਂ ਵੱਧ ਮੌਕੇ ਦੇਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਪਿਤ ਕੀਤੀ ਪਿੰਕ ਵਾਲ ਆਫ਼ ਫੇਮ ਵਿੱਚ ਜ਼ਿਲ੍ਹੇ ਦੀਆਂ ਧੀਆਂ ਜਿਨ੍ਹਾਂ ਨੇ ਵੱਖ-ਵੱਖ ਖੇਤਰਾਂ ਵਿੱਚ ਉੱਚੇ ਮੁਕਾਮ ਹਾਸਲ ਕੀਤੇ ਹਨ ਉਨ੍ਹਾਂ ਦੀਆਂ ਤਸਵੀਰਾਂ ਲਗਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪਿੰਕ ਵਾਲ ਆਫ਼ ਫੇਮ ਵਿੱਚ 18-19ਵੀਂ ਸਦੀ ਦੀ ਮਹਾਨ ਨਾਇਕਾ ਅਤੇ ਕਨ੍ਹਈਆ ਮਿਸਲ ਦੀ ਮਿਸਲਦਾਰ ਸਰਦਾਰਨੀ ਸਦਾ ਕੌਰ, ਭਾਰਤੀ ਹਵਾਈ ਫ਼ੌਜ ਦੀ ਫਲਾਇੰਗ ਅਫ਼ਸਰ ਜੀਵਨਜੋਤ ਕੌਰ, ਆਈ.ਪੀ.ਐੱਸ. ਅਧਿਕਾਰੀ ਡਾ. ਨਵਜੋਤ ਕੌਰ, ਬੀ.ਐੱਸ.ਐੱਫ ਦੀ ਸਹਾਇਕ ਕਮਾਡੈਂਟ ਮੈਡੀਕਲ ਡਾ. ਮਨਪ੍ਰੀਤ ਕੌਰ, ਪੀ.ਸੀ.ਐੱਸ. ਜੁਡੀਸ਼ੀਅਲ ਜੱਜ ਮਨਮੋਹਨਪ੍ਰੀਤ ਕੌਰ, ਪੀ.ਸੀ.ਐੱਸ. ਜੁਡੀਸ਼ੀਅਲ ਜੱਜ ਦਿਵਿਯਾਨੀ ਲੂਥਰਾ, ਆਈ.ਏ.ਐੱਸ. ਅਧਿਕਾਰੀ ਅੰਮ੍ਰਿਤਪਾਲ ਕੌਰ, ਆਈ.ਏ.ਐੱਸ. ਅਧਿਕਾਰੀ ਰੁਕਮਣੀ ਰਿਆੜ, ਰੋਇੰਗ ਖਿਡਾਰਨ ਹਰਮਨਪ੍ਰੀਤ ਕੌਰ, ਇਨਫੋਰਸਮੈਂਟ ਅਫ਼ਸਰ ਰੁਪਿੰਦਰ ਕੌਰ, ਪੀ.ਸੀ.ਐੱਸ. ਅਧਿਕਾਰੀ ਹਰਨੂਰ ਕੌਰ ਢਿੱਲੋਂ, ਆਈ.ਐੱਫ.ਐੱਸ. ਅਧਿਕਾਰੀ ਹਰਪ੍ਰੀਤ ਕੌਰ, ਉੱਘੀ ਗਾਇਕਾ ਸੁਨੰਦਾ ਸ਼ਰਮਾ, ਉੱਘੀ ਸਟੇਜ ਸੰਚਾਲਕ ਅਤੇ ਅਦਾਕਾਰਾ ਸਤਿੰਦਰ ਸੱਤੀ ਦੀਆਂ ਤਸਵੀਰਾਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪਿੰਕ ਵਾਲ ਆਫ਼ ਫੇਮ ਵਿੱਚ ਇੱਕ ਫ਼ੋਟੋ ਫਰੇਮ ਖ਼ਾਲੀ ਰੱਖਿਆ ਗਿਆ ਹੈ ਜੋ ਸਾਡੀਆਂ ਧੀਆਂ ਨੂੰ ਪ੍ਰੇਰਿਤ ਕਰੇਗਾ ਕਿ ਉਹ ਵੀ ਅੱਗੇ ਵਧਣ ਅਤੇ ਇਸ ਖ਼ਾਲੀ ਫਰੇਮ ਵਿੱਚ ਉਨ੍ਹਾਂ ਦੀ ਤਸਵੀਰ ਲੱਗ ਸਕੇ। ਉਨ੍ਹਾਂ ਨੇ ਇਸ ਉਪਰਾਲੇ ਲਈ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਬੇਦੀ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਜਸਮੀਤ ਕੌਰ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਅਧਿਆਪਕ ਮੁਕੇਸ਼ ਵਰਮਾ, ਗਾਈਡੈਂਸ਼ ਕਾਊਂਸਰ ਪਰਮਿੰਦਰ ਸਿੰਘ ਵੀ ਮੌਜੂਦ ਸਨ।





# ਨਿਹੰਗ ਸਿੰਘਾਂ ਦੇ ਬਾਣੇ ਚ ਲੁੱਟਾਂ ਖੋਹਾਂ ਕਰਨ ਵਾਲੇ ਗਿਰੋਹ ਦੇ ਦੋ ਦੋਸੀਆ ਨੂੰ ਪੁਲਿਸ ਟੀਮ ਦੇ ਕੀਤਾ ਗ੍ਰਿਫਤਾਰ



ਲੁਧਿਆਣਾ (ਸੁਖਚੈਨ ਮਹਿਰਾ) ਲੁਧਿਆਣਾ ਪੁਲਿਸ ਵਲੋਂ ਕਾਰਵਾਈ ਕਰਦਿਆ ਨਿਹੰਗ ਸਿੰਘਾਂ ਦੇ ਬਾਣੇ ਵਿੱਚ ਲੁੱਟਾਂ ਖੋਹਾ ਦੀਆਂ ਵਾਰਦਾਤਾਂ ਕਰਨ ਵਾਲੇ ਗਿਰੋਹ ਦੇ 02 ਦੋਸ਼ੀਆ ਨੂੰ ਗ੍ਰਿਫਤਾਰ ਕੀਤਾ ਗਿਆ। ਜਿਹਨਾਂ ਪਾਸੋਂ ਮਾਰੂ ਹਥਿਆਰ ਅਤੇ ਵਹੀਕਲ ਬ੍ਰਾਮਦ ਕੀਤੇ ਗਏ। ਦੋਸੀਆ ਪਾਸੋਂ ਬੀਤੇ ਦਿਨੀਂ ਥਾਣਾ ਸਦਰ ਦੀ ਪੁਲਿਸ ਟੀਮ ਤੇ ਵੀ ਜਾਨਲੇਵਾ ਹਮਲਾ ਕੀਤਾ ਗਿਆ। ਦੋਸ਼ੀ ਕਾਫੀ ਵਾਰਦਾਤਾਂ ਨੂੰ ਅੰਜ਼ਾਮ ਦੇ ਚੁੱਕੇ ਹਨ। ਦੋਸੀਆ ਪਾਸੋਂ ਵਾਰਦਾਤ ਵਿੱਚ ਵਰਤੇ ਜਾਂਦੇ ਕਿਰਪਾਨ 04, ਲੋਹਾ ਖੰਡੇ 02, ਗੰਡਾਸਾ ਗੰਡਾਸੀ 02, ਕਟਾਰ 01, ਵੱਡਾ ਚਾਕੂ 03, ਅਤੇ ਹੋਰ ਵਾਰਦਾਤਾਂ ਦੀ ਵਹੀਕਲ ਬ੍ਰਮਦਗੀ ਮੋਟਰਸਾਈਕਲ 04, ਕਾਰ 03, ਛੋਟਾ ਹਾਥੀ 01, ਕੈਂਟਰ 01 ਅਤੇ ਖੋਹ ਹੋਈ ਆਲਟੋ ਕਾਰ ਵੀ ਬਰਾਮਦ ਕੀਤੀ ਗਈ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹਾ ਮਾਲੇਰਕੋਟਲਾ ਦੀ ਹਦੂਦ ਅੰਦਰ ਗਣਤੰਤਰਤਾ ਦਿਵਸ 26 ਜਨਵਰੀ ਨੂੰ ਡਰਾਈ ਡੇਅ ਘੋਸ਼ਿਤ



ਮਾਲੇਰਕੋਟਲਾ 20 ਜਨਵਰੀ :(ਕਿੰਮੀ ਅਰੋੜਾ,ਅਸਲਮ ਨਾਜ਼) ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਡਾ.ਪੱਲਵੀ ਵੱਲੋਂ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਮਾਲੇਰਕੋਟਲਾ ਦੀ ਹਦੂਦ ਅੰਦਰ ਗਣਤੰਤਰਤਾ ਦਿਵਸ 26 ਜਨਵਰੀ 2025 ਦਿਨ ਐਤਵਾਰ ਨੂੰ ਸਵੇਰੇ 07 ਵਜੇ ਤੋਂ ਸ਼ਾਮ 05 ਵਜੇ ਤੱਕ ਡਰਾਈ ਡੇਅ (4☛⮏ 4▲⮏) ਘੋਸ਼ਿਤ ਕੀਤਾ ਗਿਆ ਹੈ। ਜਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ 26 ਜਨਵਰੀ (ਗਣਤੰਤਰਤਾ ਦਿਵਸ) ਦਾ ਸਮਾਗਮ ਪੂਰੇ ਭਾਰਤ ਵਿੱਚੇ ਬੜੀ ਧੂਮ- ਧਾਮ ਨਾਲ ਮਨਾਇਆ ਜਾਂਦਾ ਹੈ। ਇਸ ਦਿਨ ਲੋਕਾਂ ਵੱਲੋਂ ਸ਼ਰਾਬ ਦੀ ਵਰਤੋਂ ਕਰਨ ਉਪਰੰਤ ਲੜਾਈ-ਝਗੜਾ ਕਰਨ ਕਰਕੇ ਅਮਨ-ਕਾਨੂੰਨ ਦੀ ਸਥਿਤੀ ਭੰਗ ਹੋਣ ਦਾ ਖਦਸਾ ਬਣਿਆ ਰਹਿੰਦਾ ਹੈ। ਇਸ ਲਈ ਗਣਤੰਤਰਤਾ ਦਿਵਸ ਸ਼ਾਂਤੀ ਪੂਰਵਕ ਮਨਾਉਣ ਲਈ ਡਰਾਈ ਡੇਅ ਘੋਸ਼ਿਤ ਕਰਨਾ ਜਰੂਰੀ ਬਣ ਜਾਂਦਾ ਹੈ। ਡਾ. ਪੱਲਵੀ ਨੇ ਕਿਹਾ ਕਿ ਡਰਾਈ ਡੇਅ ਦੌਰਾਨ ਜਿਲ੍ਹਾ ਮਾਲੇਰਕੋਟਲਾ ਦੀ ਹਦੂਦ ਅੰਦਰ ਕਿਸੇ ਵੀ ਸ਼ਰਾਬ ਦੇ ਠੇਕੇ (ਦੇਸੀ ਅਤੇ ਅੰਗਰੇਜ਼ੀ), ਹੋਟਲ, ਦੁਕਾਨ, ਰੈਸਟੋਰੈਂਟਾਂ, ਕਲੱਬ, ਬੀਅਰ ਬਾਰ, ਅਹਾਤੇ, ਜਿੱਥੇ ਸ਼ਰਾਬ ਵੇਚਣ ਤੇ ਪੀਣ ਦੀ ਕਾਨੂੰਨੀ ਇਜਾਜਤ ਹੈ ਜਾਂ ਹੋਰ ਜਨਤਕ ਥਾਵਾਂ ਆਦਿ ਤੇ ਸ਼ਰਾਬ ਦੀ ਵਿਕਰੀ ਕਰਨ, ਵਰਤੋਂ ਕਰਨ, ਪੀਣ/ਪਿਲਾਉਣ ਅਤੇ ਸਟੋਰ ਕਰਨ ਤੇ ਮੁਕੰਮਲ ਪਾਬੰਦੀ ਹੋਵੇਗੀ।ਇਹ ਹੁਕਮ ਪੂਰਨ ਤੌਰ ਤੇ ਲਾਗੂ ਕਰਵਾਉਣ ਲਈ ਸਹਾਇਕ (ਆਬਕਾਰੀ) ਆਬਕਾਰੀ ਰੇਂਜ, ਮਾਲੇਰਕੋਟਲਾ (ਸੰਗਰੂਰ) ਜ਼ਿੰਮੇਵਾਰ ਹੋਣਗੇ।

# ਸੁਨੱਖੀ ਪੰਜਾਬਣ ਮੁਟਿਆਰ ਮੁਕਾਬਲਾ 7 ਫਰਵਰੀ ਨੂੰ ਕਰਵਾਇਆ ਜਾਵੇਗਾ- ਚਾਹਲ, ਤੇਜਾ

ਗੁਰਦਾਸਪੁਰ-ਨਵਨੀਤ ਕੁਮਾਰ -
ਲੋਕ ਸੱਭਿਆਚਾਰਕ ਪਿੜ ਗੁਰਦਾਸਪੁਰ ਦੇ ਪਰਿਵਾਰ ਵੱਲੋਂ ਕਰਵਾਇਆ ਜਾ ਰਿਹਾ ਸੁਨੱਖੀ ਪੰਜਾਬਣ ਮੁਟਿਆਰ ' ਸੱਭਿਆਚਾਰਕ ਮੁਕਾਬਲਾ-2025 ਇਸ ਸੱਭਿਆਚਾਰ ਮੁਕਾਬਲੇ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦੇਂਦਿਆਂ ਹੋਇਆ ਪਿੜ ਦੇ ਬਾਨੀ ਸ ਅਜੈਬ ਸਿੰਘ ਚਾਹਲ ਅਤੇ ਪ੍ਰਧਾਨ ਤੇ ਭੰਗੜਾ ਕੋਚ ਜੈਕਬ ਮਸੀਹ ਤੇਜਾ ਨੇ ਸਾਂਝੇ ਤੌਰ ਤੇ ਦੱਸਿਆ ਕਿ ਪੰਜਾਬੀ ਭਾਸ਼ਾ,ਲੋਕ-ਕਲਾਵਾਂ ਅਤੇ ਸੱਭਿਆਚਾਰ ਦੀ ਸਹੀ ਪਹਿਚਾਣ ਦੀ ਤਸਵੀਰ ਪੇਸ਼ ਕਰਨ ਦੀ ਕੋਸ਼ਿਸ਼ ਦੀ ਸੋਚ ਰੱਖਣ ਵਾਲੀ ਅਤੇ ਧੀਆਂ-ਧਿਆਣੀਆਂ ਦੀ ਸੰਭਾਲਣ ਲਈ ਯਤਨਸ਼ੀਲ ਰੈਣ ਵਾਲੀ ਦੀਵੇ ਦੀ ਲੋਅ ਵਰਗੀ ਸੰਸਥਾ ਲੋਕ ਸੱਭਿਆਚਾਰਕ ਪਿੜ ਗੁਰਦਾਸਪੁਰ ਵੱਲੋਂ ਸੱਭਿਆਚਾਰਕ ਮੁਕਾਬਲਾ ਸੁਨੱਖੀ ਪੰਜਾਬਣ ਮੁਟਿਆਰ ' 7 ਫਰਵਰੀ ਦਿਨ ਸ਼ੁੱਕਰਵਾਰ ਨੂੰ ਰਾਮ ਸਿੰਘ ਦੱਤ ਹਾਲ,ਨੇੜੇ ਖਾਲਸਾ ਸਕੂਲ
ਗੁਰਦਾਸਪੁਰ ਵਿੱਚ ਸਵੇਰੇ 9 ਵਜੇ ਕਰਵਾਇਆ ਜਾ ਰਿਹਾ ਹੈ।ਜੈਕਬ ਤੇਜਾ ਨੇ ਕਿਹਾ ਕਿ ਇਸ ਮੁਕਾਬਲੇ ਵਿੱਚ 15 ਤੋਂ 32 ਸਾਲ ਦੀ ਉਮਰ ਤੱਕ ਦੀ ਕੋਈ ਵੀ ਚਾਹਵਾਨ ਵਿਆਹੀ/ਅਣਵਿਆਹੀ ਪੰਜਾਬਣ ਮੁਟਿਆਰ ਭਾਗ ਲੈ ਸਕਦੀ ਹੈ। ਮੁਟਿਆਰ ਨੂੰ ਖੁੱਲਾ ਸੱਦਾ ਹੈ।ਭਾਗ ਲੈਣ ਵਾਲੀਆਂ ਮੁਟਿਆਰਾਂ ਕੋਲੋਂ ਕੋਈ ਵੀ ਕਿਸੇ ਕਿਸਮ ਦੀ ਦਾਖਲਾ ਫੀਸ ਨਹੀਂ ਲਈ ਜਾਵੇਗੀ। ਇਸ ਮੁਕਾਬਲੇ ਦਾ ਪ੍ਰਾਸਪੈਕਟਸ ਅਤੇ ਐਂਟਰੀ ਫਾਰਮ ਆਨਲਾਈਨ ਭਰ ਸਕਦੇ ਹੋ।ਫਾਰਮ ਦਾ ਲਿੰਕ ਫੇਸਬੁੱਕ ਜੈਕਬ ਤੇਜਾ ਜਾਂ ਐੱਲ ਐੱਸ ਪੀ ਜੀ ਐੱਸ ਪੀ ਪੇਜ ਤੋਂ ਪ੍ਰਾਪਤ ਕਰ ਸਕਦੇ ਹੋ।ਉਨ੍ਹਾਂ ਦੱਸਿਆ ਕਿ ਇਹ ਮੁਕਾਬਲੇ ਦੇ ਤਿੰਨ ਰਾਊਂਡ ਹੋਣਗੇ।ਪਹਿਲਾ ਗੇੜਾ (ਰਾਊਂਡ) ਡਾਂਸ ਹੋਵੇਗਾ। ਜੱਜ ਸਾਹਿਬਾਨ ਹੇਠ ਦਿੱਤੇ ਗਏ ਗੀਤਾਂ ਵਿੱਚੋਂ ਕਿਸੇ ਇੱਕ ਤੇ ਨਾਚ (ਡਾਂਸ) ਕਰਨ ਲਈ ਆਖ ਸਕਦੇ ਹਨ।ਨਾਚ ਦਾ ਸਮਾਂ ਦੋ ਮਿੰਟ ਦਾ ਹੋਵੇਗਾ। ਅੰਬੀਆਂ ਦੇ ਬੂਟਿਆਂ ਤੇ,ਮੱਸਿਆਂ ਦੇ ਮੇਲੇ ਨੂੰ ਜਾਣਾ,ਕੁੜਤੀ ਮੇਰੀ ਛੀਟ ਦੀ,ਹਾਏ ਨੀ ਮੇਰਾ ਬਾਲਮ ਇਹਨਾਂ ਪੁਰਾਤਨ ਗੀਤਾਂ ਤੋਂ ਇਲਾਵਾ ਭਾਗੀਦਾਰ ਮੁਟਿਆਰ ਨੂੰ ਇੱਕ ਆਪਣੀ ਪਸੰਦ ਦੇ ਗੀਤ ਜਾਂ ਲੋਕ ਗੀਤ ਉੱਤੇ ਨਾਚ ਦੀ ਪੇਸ਼ਕਾਰੀ ਕਰਨੀ ਹੋਵੇਗੀ ।ਪਹਿਲਾ ਗੇੜਾ ਸਫਲ ਹੋਣ ਤੇ ਦੂਸਰੇ ਗੇੜੇ ਚ ਮੁਟਿਆਰ ਪਹੁੰਚੇਗੀ। ਮੁਟਿਆਰ ਸਿਰਫ ਆਪਣੇ ਪਸੰਦ ਦੇ ਗੀਤ ਦੀ ਪੈਨ ਡਰਾਇਵ ਨਾਲ ਲੈ ਕੇ ਆਵੇ।ਦੂਜੇ ਗੇੜ ਵਿੱਚ ਹਰ ਭਾਗੀਦਾਰ ਮੁਟਿਆਰ ਤੋਂ ਇਕ ਸਵਾਲ ਪੁੱਛਿਆ ਜਾਵੇਗਾ ਤੇ ਨਾਲ-ਨਾਲ ਘਰੇਲੂ ਕੰਮਕਾਜ ਕਰਵਾ ਕੇ ਦੇਖਿਆ ਜਾਵੇਗਾ।ਤੀਜਾ ਗੇੜਾ (ਰਾਊਂਡ) ਲਾੜੀ ਰਾਊਂਡ ਹੋਵੇਗਾ। ਹਰ ਭਾਗੀਦਾਰ ਮੁਟਿਆਰ ਲਾੜੀ ਰਾਊਂਡ ਦਾ ਲੋੜੀਂਦਾ ਸਮਾਨ ਆਪ ਲੈ ਕੇ ਆਵੇਗੀ। ਇਸ ਗੇੜ ਵਿੱਚ ਸਿਰਫ਼ ਉਹੀ ਮੁਟਿਆਰਾਂ ਸ਼ਾਮਿਲ ਹੋਣਗੀਆਂ ਜਿਹਨਾਂ ਦੀ ਚੋਣ ਪਹਿਲੇ ਅਤੇ ਦੂਸਰੇ ਗੇੜ ਵਿੱਚੋਂ ਨਹੀਂ ਹੋਵੇਗੀ।ਪਹਿਲੇ ਸਥਾਨ ਤੇ ਆਉਣ ਵਾਲੀ ਮੁਟਿਆਰ ਨੂੰ ਸੱਗੀ ਫੁੱਲ, ਸ਼ਗਨ ਅਤੇ ਟਰਾਫੀ, ਦੂਸਰੇ ਸਥਾਨ ਵਾਲੀ ਨੂੰ ਬੁਗਤੀਆਂ,ਸ਼ਗਨ ਅਤੇ ਟਰਾਫੀ, ਤੀਜੇ ਸਥਾਨ ਵਾਲੀ ਨੂੰ ਟਿੱਕਾ,ਸ਼ਗਨ ਅਤੇ ਟਰਾਫੀ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਲੰਮ ਸਲੰਮੀ ਨਾਰ,ਨਸ਼ੀਲੇ ਨੈਣ, ਗਿੱਧਿਆਂ ਦੀ ਮੇਲਣ, ਮੋਰਨੀ ਵਰਗੀ ਧੌਣ, ਸੂਝਵਾਨ ਮੁਟਿਆਰ, ਮੜ੍ਹਕ ਨਾਲ ਤੁਰਨਾ, ਸੋਹਣਾ ਪੰਜਾਬੀ ਪਹਿਰਾਵਾ, ਹਾਸਿਆਂ ਦੀ ਰਾਣੀ,ਸੱਪਣੀ ਵਰਗੀ ਗੁੱਤ,ਮੁੱਖੜਾ ਚੰਨ ਵਰਗਾ,ਮਲੂਕੜੀ ਜਿਹੀ ਮੁਟਿਆਰ, ਸੋਹਣੇ ਗਹਿਣੇ, ਮਿੱਠੜੇ ਬੋਲ,ਮਿਲੇਪੜੀ ਮੁਟਿਆਰ, ਨੰਨੀ ਕਰੂੰਬਲ, ਨਿਰੋਲ ਪਿੜ ਪੇਸ਼ਕਾਰੀ,ਵਿਦਾਇਗੀ ਤੋਰ,
ਸ਼ਰਮੀਲੀਆਂ ਅੱਖਾਂ,ਲਾੜੀ ਸਰੂਪ, ਬੁਸਕਣਾ ਦੇ ਖਿਤਾਬ ਦਿੱਤੇ ਜਾਣਗੇ। ਮੁਕਾਬਲੇ ਵਿੱਚ ਹਿੱਸਾ ਲੈਣ ਵਾਲੀ ਹਰ ਮੁਟਿਆਰ ਨੂੰ ਸਰਟੀਫਿਕੇਟ ਦਿੱਤਾ ਜਾਵੇਗਾ।ਪੰਜਾਬਣਾਂ ਮੁਟਿਆਰਾਂ ਨੂੰ ਆਪਣਾਂ ਹੁਨਰ ਸਾਬਤ ਕਰਨ ਦੇ ਲਈ ਇਕ ਸੁਨਹਿਰੀ ਮੌਕਾ ਦਿੱਤਾ ਜਾ ਰਿਹਾ ਹੈ।




# ਗਣਤੰਤਰ ਦਿਵਸ ਦੀਆਂ ਤਿਆਰੀਆਂ ਜ਼ੋਰਾਂ ਤੇ

ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼) ਗਣਤੰਤਰ ਦਿਵਸ ਸਬੰਧੀ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੇਸ਼ ਕੀਤੇ ਜਾਣ ਵਾਲੇ ਸਭਿਆਚਾਰਕ ਪ੍ਰੋਗਰਾਮ ਦੀ ਦੂਸਰੀ ਰਿਹਰਸਲ ਸਥਾਨਕ ਡਾਕਟਰ ਜ਼ਾਕਿਰ ਹੁਸੈਨ ਸਟੇਡੀਅਮ ਵਿਖੇ ਜ਼ਿਲ੍ਹਾ ਮਾਲ ਅਫ਼ਸਰ ਮਨਦੀਪ ਕੌਰ,ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਰਿੰਪੀ ਗਰਗ ਦੇ ਦੇਖ ਰੇਖ ਹੇਠ ਕਰਵਾਈ ਗਈ। ਇਸ ਮੌਕੇ ਵੱਖ ਸਕੂਲਾਂ ਦੇ ਨੁਮਾਇੰਦੇ ਅਤੇ ਆਰਤੀ ਗੁਪਤਾ,ਡਾ ਮੀਨਾ ਕੁਮਾਰੀ,ਡਾ ਸਲੀਮ ਜੁਵੇਰੀ ਵੀ ਮੌਜੂਦ ਸਨ ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਪੂਰੇ ਸ਼ਾਨੋ-ਸ਼ੌਕਤ ਅਤੇ ਦੇਸ਼ ਭਗਤੀ ਦੀ ਨਾਲ ਮਨਾਇਆ ਜਾਣਾ ਹੈ, ਸਮਾਗਮ ਨੂੰ ਸਫਲਤਾਪੂਰਵਕ ਕਰਵਾਉਣ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਵੱਖ ਵੱਖ ਸਕੂਲਾਂ ਦੇ ਨੁਮਾਇੰਦਿਆਂ ਨੂੰ ਹਦਾਇਤ ਕੀਤੀ ਕਿ ਸਭਿਆਚਾਰਕ ਪ੍ਰੋਗਰਾਮ 'ਚ ਕੋਈ ਕਮੀ ਨਾ ਛੱਡੀ ਜਾਵੇ । ਅਗਲੀ ਫੁੱਲ ਡਰੈੱਸ ਰਿਹਰਸਲ 24 ਜਨਵਰੀ ਨੂੰ ਹੋਵੇਗੀ । ਉਨ੍ਹਾਂ ਹੋਰ ਦੱਸਿਆ ਕਿ ਇਸ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸਭਿਆਚਾਰਕ ਪ੍ਰੋਗਰਾਮ ਤੋਂ ਇਲਾਵਾ ਪੁਲਿਸ, ਹੋਮਗਾਰਡ, ਐਨ.ਸੀ.ਸੀ. ਪੁਲਿਸ ਤੇ ਸਕੂਲੀ ਬੈਂਡ ਦੀਆਂ ਟੁਕੜੀਆਂ ਮਾਰਚ ਪਾਸਟ ਵਿਚ ਭਾਗ ਲੈਣਗੀਆਂ। ਸਮਾਗਮ ਦੌਰਾਨ ਸਭਿਆਚਾਰਕ ਪ੍ਰੋਗਰਾਮ ਦੇਸ਼ ਭਗਤੀ ਦੇ ਰੰਗ ਵਿਚ ਰੰਗਿਆ ਹੋਵੇਗਾ ਅਤੇ ਗਿੱਧਾ ਤੇ ਭੰਗੜਾ ਪੇਸ਼ ਕੀਤਾ ਜਾਵੇਗਾ । ਇਸ ਤੋਂ ਇਲਾਵਾ ਵੱਖ- ਵੱਖ ਵਿਭਾਗਾਂ ਵੱਲੋਂ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਤੇ ਲੋਕ ਭਲਾਈ ਸਕੀਮਾਂ ਨੂੰ ਦਰਸਾਉਂਦੀਆਂ 8 ਝਾਕੀਆਂ ਵੀ ਪੇਸ਼ ਕੀਤੀਆਂ ਜਾਣਗੀਆਂ ।

# ਵਧੀਕ ਡਿਪਟੀ ਕਮਿਸ਼ਨਰ ਵਲੋਂ ਗਣਤੰਤਰ ਦਿਵਸ ਸਬੰਧੀ ਤਿਆਰੀਆਂ ਦਾ ਜਾਇਜ਼ਾ




ਫ਼ਗਵਾੜਾ 20 ਜਨਵਰੀ (ਸੁਸ਼ੀਲ ਸ਼ਰਮਾ) ਵਧੀਕ ਡਿਪਟੀ ਕਮਿਸ਼ਨਰ (ਜ) ਨਵਨੀਤ ਕੌਰ ਬੱਲ ਵਲੋਂ ਅੱਜ ਗਣਤੰਤਰ ਦਿਵਸ ਸਬੰਧੀ ਹੋਣ ਵਾਲੇ ਜਿਲ੍ਹਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।
ਉਨ੍ਹਾਂ ਦੱਸਿਆ ਕਿ ਸਮਾਗਮ ਗੁਰੂ ਨਾਨਕ ਸਟੇਡੀਅਮ ਵਿਖੇ ਹੋਵੇਗਾ ਜਿੱਥੇ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕਰਨਗੇ ।

ਉਨ੍ਹਾਂ ਦੱਸਿਆ ਕਿ ਸਮਾਗਮ ਨੂੰ ਸਫਲਤਾਪੂਰਵਕ ਕਰਵਾਉਣ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕਰ ਦਿੱਤਾ ਗਿਆ ਹੈ। ਉਨ੍ਹਾਂ ਇਸ ਮੌਕੇ ਸਟੇਡੀਅਮ ਦੀ ਸਾਫ ਸਫਾਈ,ਸ਼ਹਿਰ ਦੇ ਸੁੰਦਰੀਕਰਨ, ਸੁਰੱਖਿਆ,ਆਵਾਜਾਈ,ਬੈਰਕੇਟਿੰਗ, ਲੋਕਾਂ ਦੇ ਬੈਠਣ,ਸਟੇਜ ਦੀ ਸਜਾਵਟ,ਬੈਂਡ ਦੇ ਪ੍ਰਬੰਧਾਂ,ਕਰਮਚਾਰੀਆਂ ਦੀਆਂ ਡਿਊਟੀਆਂ,ਫਸਟ ਏਡ,ਬਿਜਲੀ ਤੇ ਸਾਊਂਡ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ।

ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਪੁਲਿਸ,ਹੋਮਗਾਰਡ, ਐਨ.ਸੀ.ਸੀ., ਸਿੱਖਿਆ ਵਿਭਾਗ, ਗਰਲਜ਼ ਗਾਇਡ ਤੇ ਸੈਨਿਕ ਸਕੂਲ ਦੀ ਟੁਕੜੀ ਮਾਰਚ ਪਾਸਟ ਵਿਚ ਭਾਗ ਲਵੇਗੀ। ਸਮਾਗਮ ਦੌਰਾਨ ਸੱਭਿਆਚਾਰਕ ਪ੍ਰੋਗਰਾਮ ਦੇਸ਼ ਭਗਤੀ ਦੇ ਰੰਗ ਵਿਚ ਰੰਗਿਆ ਹੋਵੇਗਾ ਜਿਸ ਲਈ ਵਧੀਕ ਡਿਪਟੀ ਕਮਿਸ਼ਨਰ (ਜ) ਦੀ ਅਗਵਾਈ ਹੇਠ ਕਮੇਟੀ ਦਾ ਗਠਨ ਕੀਤਾ ਗਿਆ ਹੈ।

ਵੱਖ- ਵੱਖ ਵਿਭਾਗਾਂ ਵੱਲੋਂ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਤੇ ਲੋਕ ਭਲਾਈ ਸਕੀਮਾਂ ਨੂੰ ਦਰਸਾਉਂਦੀਆਂ 8 ਝਾਕੀਆਂ ਵੀ ਪੇਸ਼ ਕੀਤੀਆਂ ਜਾਣਗੀਆਂ।

ਐਸ ਪੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬ ਪੁਲਿਸ ਵੱਲੋਂ ਸਮਾਗਮ ਦੌਰਾਨ ਸੁਰੱਖਿਆ ਲਈ ਗੁਰੂ ਨਾਨਕ ਸਟੇਡੀਅਮ ਵਿਖੇ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਜਾ ਰਿਹਾ ਹੈ ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਤੋ ਇਲਾਵਾ ਐਸ.ਡੀ.ਐਮ.ਮੇਜਰ ਇਰਵਿਨ ਕੌਰ,ਐਸ.ਪੀ.ਗੁਰਪ੍ਰੀਤ ਸਿੰਘ, ਸਹਾਇਕ ਕਮਿਸ਼ਨਰ ਕਪਿਲ ਜਿੰਦਲ ਅਤੇ ਹੋਰ ਹਾਜ਼ਰ ਸਨ।

# ਨੈਸ਼ਨਲ ਲੋਕ ਅਦਾਲਤ ਦਾ ਆਯੋਜਨ 08 ਮਾਰਚ ਨੂੰ



ਲੁਧਿਆਣਾ, 20 ਜਨਵਰੀ (ਸੁਖਚੈਨ ਮਹਿਰਾ, ਨਰੇਸ਼ ਹੰਸ) – ਜਿਲ੍ਹਾ ਕਚਹਿਰੀਆਂ, ਲੁਧਿਆਣਾ ਅਤੇ ਸਿਵਲ ਕੋਰਟਸ-ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਵੱਖ-ਵੱਖ ਨਿਆਂਇਕ ਅਦਾਲਤਾਂ ਵਿੱਚ 08 ਮਾਰਚ, 2025 ਦਿਨ ਸ਼ਨੀਵਾਰ ਨੂੰ ਲੱਗਣ ਵਾਲੀ ਰਾਸ਼ਟਰੀ ਲੋਕ ਅਦਾਲਤ ਦੇ ਮਾਧਿਅਮ ਰਾਹੀਂ ਆਪਣੇ ਝਗੜਿਆਂ ਦਾ ਨਿਪਟਾਰਾ ਕਰਵਾ ਕੇ ਛੇਤੀ ਅਤੇ ਸਸਤਾ ਨਿਆਂ ਪ੍ਰਾਪਤ ਕੀਤਾ ਜਾਵੇ

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਹਰਵਿੰਦਰ ਸਿੰਘ ਵਲੋਂ ਪ੍ਰੈਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੇ ਆਪਸੀ ਝਗੜਿਆਂ ਦਾ ਛੇਤੀ ਅਤੇ ਸਸਤੇ ਢੰਗ ਨਾਲ ਨਿਪਟਾਰਾ ਕਰਵਾਉਣ ਦੇ ਮੰਤਵ ਨਾਲ ਆਗਾਮੀ 08 ਮਾਰਚ (ਸ਼ਨੀਵਾਰ) ਨੂੰ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਵਲੋਂ 08 ਮਾਰਚ, 2025 ਨੂੰ ਨੈਸ਼ਨਲ ਲੋਕ ਅਦਾਲਤ ਰਾਹੀਂ ਜ਼ਿਲ੍ਹਾ ਕਚਹਿਰੀਆਂ, ਲੁਧਿਆਣਾ ਅਤੇ ਸਿਵਲ ਕੋਰਟਸ-ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਵੱਖ-ਵੱਖ ਨਿਆਂਇਕ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਨਾਲ ਕਰਵਾਇਆ ਜਾਵੇਗਾ।

ਸਕੱਤਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਸਿਵਲ ਕੇਸ ਜਿਵੇਂ ਕਿ ਕਿਰਾਇਆ, ਬੈਂਕ ਦੀ ਰਿਕਵਰੀ, ਮਾਲ ਮਾਮਲੇ, ਬਿਜਲੀ ਅਤੇ ਪਾਣੀ ਦੇ ਬਿੱਲਾਂ (ਚੋਰੀ ਦੇ ਕੇਸਾਂ ਨੂੰ ਛੱਡ ਕੇ), ਤਨਖਾਹਾਂ ਅਤੇ ਭੱਤਿਆਂ ਅਤੇ ਸੇਵਾ ਮੁਕਤ ਲਾਭਾਂ ਨਾਲ ਸਬੰਧਤ ਮਾਮਲੇ, ਜੰਗਲਾਤ ਐਕਟ ਦੇ ਕੇਸ, ਤਬਾਹੀ ਮੁਆਵਜ਼ਾ, ਫੌਜਦਾਰੀ ਮਿਕਦਾਰ ਮਾਮਲੇ, ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੀ ਧਾਰਾ 138 ਦੇ ਅਧੀਨ ਸ਼ਿਕਾਇਤਾਂ, ਕਵਰਡ ਮਾਮਲਿਆਂ ਦੀ ਸੁਣਵਾਈ ਸਿਵਲ ਜੱਜਾਂ ਜਾਂ ਜੁਡੀਅਸ਼ੀਅਲ ਮੈਜਿਸਟਰੇਟਾਂ ਦੁਆਰਾ ਲੋਕ ਅਦਾਲਤ ਵਿੱਚ ਕੀਤੀ ਜਾਵੇਗੀ।

ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਅਜਿਹੇ ਪ੍ਰੀ-ਲਿਟੀਗੇਟਿਵ ਮਾਮਲਿਆਂ ਦਾ ਨਿਪਟਾਰਾ ਵੀ ਧਿਰਾਂ ਦੀ ਆਪਸੀ ਸਹਿਮਤੀ ਨਾਲ ਕਰਵਾਉਣ ਦੇ ਉਪਰਾਲੇ ਕੀਤੇ ਜਾਣਗੇ ਜਿਹੜੇ ਅਜੇ ਤੱਕ ਕਿਸੇ ਅਦਾਲਤ ਵਿੱਚ ਦਾਇਰ ਨਹੀਂ ਕੀਤੇ ਗਏ ਹਨ।

# ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਦਾ ਲੜੀਵਾਰ ਕਵੀ ਦਰਬਾਰ ਕਰਵਾਉਣਾ ਇੱਕ

ਫ਼ਗਵਾੜਾ 20 ਜਨਵਰੀ (ਸੁਸ਼ੀਲ ਸ਼ਰਮਾ) ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਆਨਲਾਈਨ ਲੜੀਵਾਰ ਕਵੀ ਦਰਬਾਰ ਕਰਵਾਉਣਾ ਇੱਕ ਨੇਕ ਅਤੇ ਸਾਰਥਕ ਉਪਰਾਲਾ ਹੈ। ਲੜੀਵਾਰ ਕਵੀ ਦਰਬਾਰ ਨੂੰ ਅੱਗੇ ਵਧਾਉਂਦੇ ਹੋਏ ਮਾਨਸਰੋਵਰ ਸਾਹਿਤਕ ਅਕਾਦਮੀ ਵੱਲੋਂ ਮਿਤੀ 19 ਜਨਵਰੀ ਦਿਨ ਐਤਵਾਰ 2025 ਨੂੰ ਸ਼ਾਮ 5 ਵਜੇ ਲਾਈਵ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਕਵੀ ਵਿਜੇ ਵਧਾਵਨ,ਸੁਖਵਿੰਦਰ ਕੁਮਾਰ,ਜਗਜੀਤ ਸਿੰਘ ਗੁਰਮ,ਮੱਖਣ ਸ਼ਰਮਾ ਗਿੱਦੜਬਾਹਾ,ਨਿਸ਼ਾਨ ਸਿੰਘ ਸੰਘਾ ਅਤੇ ਸੁੱਚਾ ਸਿੰਘ ਲੇਹਲ ਜੀ ਨੇ ਹਾਜ਼ਰੀ ਭਰੀ।ਕਵੀ ਦਰਬਾਰ ਦਾ ਆਗਾਜ਼ ਮਹਿੰਦਰ ਸੂਦ ਵਿਰਕ ਨੇ ਮਾਂ ਬੋਲੀ ਪੰਜਾਬੀ ਦੇ ਪੈਂਤੀ ਅੱਖਰੀ ਨੂੰ ਬਾ ਕਮਾਲ ਅੰਦਾਜ਼ ਵਿੱਚ ਪੇਸ਼ ਕਰਕੇ ਕੀਤਾ। ਵਿਜੇ ਵਧਾਵਨ ਜੀ ਨੇ ਧਾਰਮਿਕ ਕਵਿਤਾ ਦੇ ਨਾਲ ਹਾਜ਼ਰੀ ਲਗਾਈ ਅਤੇ ਸੁਖਵਿੰਦਰ ਕੁਮਾਰ ਜੀ ਨੇ ਦਿਲ ਨੂੰ ਛੂਹਣ ਵਾਲੀ ਰਚਨਾ ਨਾਲ ਪੇਸ਼ ਕੀਤੀ। ਜਗਜੀਤ ਸਿੰਘ ਗੁਰਮ ਜੀ ਨੇ ਵੀ ਆਪਣੀ ਰਚਨਾ ਨਾਲ ਖੂਬ ਸਮਾਂ ਬੰਨ੍ਹਿਆ। ਮੱਖਣ ਸ਼ਰਮਾ ਗਿੱਦੜਬਾਹਾ ਜੀ ਨੇ ਆਪਣੀ ਰਚਨਾ ਦੇ ਨਾਲ ਸਰੋਤਿਆਂ ਤੋਂ ਵਾਹ-ਵਾਹ ਖੱਟੀ। ਨਿਸ਼ਾਨ ਸਿੰਘ ਸੰਘਾ ਜੀ ਨੇ ਆਪਣੀ ਰਚਨਾ ਦੇ ਨਾਲ ਖੂਬ ਰੰਗ ਬੰਨ੍ਹਿਆ। ਸੁੱਚਾ ਸਿੰਘ ਲੇਹਲ ਜੀ ਨੇ ਲੋਕ ਮਨਾਂ ਵਿੱਚ ਘਰ ਕਰ ਲੈਣ ਵਾਲੀ ਰਚਨਾ ਨਾਲ ਹਾਜ਼ਰੀ ਭਰੀ। ਪ੍ਰੋਗਰਾਮ ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਕਿਹਾ ਕਿ ਹਰ ਇੱਕ ਵਿਰਸੇ ਵਿਰਾਸਤ ਨੂੰ ਜਿਉਂਦਾ ਰੱਖਣ ਲਈ ਅਤੇ ਹਰ ਇੱਕ ਸਾਹਿਤ ਨੂੰ ਜਿਉਂਦਾ ਰੱਖਣ ਲਈ ਚੰਗੇ ਤੇ ਸੱਚੇ ਕਲਮਕਾਰਾਂ ਦੀ ਬਹੁਤ ਲੋੜ ਹੁੰਦੀ। ਕਿਉਂ ਕਿ ਪਹਿਲਾਂ ਜੋ ਕਲਮਕਾਰ ਸੀ ਜੋ ਲਿਖ ਗਏ ਉਹ ਅੱਜ ਸਾਡੇ ਲਈ ਇਤਿਹਾਸ ਹੈ ਅਤੇ ਹੁਣ ਜੋ ਵੀ ਕਲਮਕਾਰ ਲਿਖ ਰਹੇ ਨੇ ਉਹ ਸਾਡੇ ਆਉਣ ਵਾਲੀ ਪੀੜੀ ਲਈ ਇਤਿਹਾਸ ਬਣ ਕੇ ਰਹਿ ਜਾਏਗਾ। ਇਸੇ ਲਈ ਸਾਨੂੰ ਬਹੁਤ ਲੋੜ ਹੈ ਕਿ ਚੰਗਾ ਸਾਹਿਤ ਪੜੀਏ ਸੁਣੀਏ ਅਤੇ ਚੰਗੇ ਤੋਂ ਚੰਗਾ ਸੇਧ ਵਰਧਕ ਲਿਖ ਕੇ ਇੱਕ ਚੰਗੇ ਸਮਾਜ ਦੇ ਸਿਰਜਣਹਾਰ ਬਣੀਏ।ਪ੍ਰੋਗਰਾਮ ਦੇ ਪ੍ਰਬੰਧਕ ਅਤੇ ਸਾਹਿਤਕ ਅਕਾਦਮੀ ਦੇ ਸਚਿਵ ਇਕਬਾਲ ਸਿੰਘ ਸਹੋਤਾ ਅਤੇ ਸੰਸਥਾਪਕ ਮਾਨ ਸਿੰਘ ਸੁਥਾਰ ਤੇ ਸੰਸਥਾ ਦੇ ਮੈਂਬਰ ਗੌਬਿਨ ਕੜਿਆਲਵੀ ਅਤੇ ਸੰਸਥਾ ਦੇ ਚੇਅਰਮੈਨ ਮੈਡਮ ਸੀਯਾ ਭਾਰਤੀ ਜੀ ਨੇ ਕਵੀ ਦਰਬਾਰ ਵਿੱਚ ਸ਼ਾਮਿਲ ਸਾਰੇ ਕਵੀ ਸਾਹਿਬਾਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਨ ਦਾ ਐਲਾਨ ਕੀਤਾ। ਸਾਰੇ ਕਵੀਆਂ ਨੇ ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਦੇ ਇਸ ਉਪਰਾਲੇ ਦਾ ਦਿਲੋਂ ਸੁਆਗਤ ਕੀਤਾ। ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਅਖ਼ੀਰ ਵਿੱਚ ਸਭ ਕਲਮਕਾਰਾਂ ਨੂੰ ਆਪਣੀ ਮਾਂ ਬੋਲੀ ਪੰਜਾਬੀ ਦੀ ਮਿਠਾਸ ਨਾਲ ਹਰ ਘਰ ਪੰਜਾਬੀਅਤ ਦਾ ਬੂਟਾ ਲਗਾਉਣ ਦਾ ਸੁਨੇਹਾ ਦਿੱਤਾ।




SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements in 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565